Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 139 Chief Editor : Chowdhary Prabhjit Singh, Editor : Chhatarpal Singh 98146-32807, Wednesday 18 November 2026 Price : 2 Rs. Page : 6

ਫਿਲਪੀਨਜ਼ 'ਚ ਨਰਿੰਦਰ ਮੋਦੀ ਤੇ ਡੋਨਲਡ ਟਰੰਪ ਦੀ ਮੁਲਾਕਾਤ

ਮਨੀਲਾ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਮੰਗਲਵਾਰ ਨੂੰ ਫਿਲਪੀਨਜ਼ ਦੀ ਰਾਜਧਾਨੀ ਮਨੀਲਾ ਵਿੱਚ ਮੁਲਾਕਾਤ ਕੀਤੀ। ਦੋਵੇਂ ਆਗੂ ਇੱਥੇ ਹੋ ਰਹੀ ਕੁਆਡ ਬੈਠਕ ਵਿੱਚ ਸ਼ਾਮਲ ਹੋਏ। ਇਸ ਮੌਕੇ ਟਰੰਪ ਨੇ ਮੋਦੀ ਦੀ ਤਾਰੀਫ਼ ਕਰਦਿਆਂ ਉਨ੍ਹਾਂ ਨੂੰ ਬੇਹੱਦ ਮਜ਼ਬੂਤ ਅਤੇ ਸਖ਼ਤ ਇਨਸਾਨ ਦੱਸਿਆ।

ਮੋਦੀ ਨੇ ਵੀ ਟਰੰਪ ਨਾਲ ਆਪਣੇ ਨੇੜਲੇ ਸੰਪਰਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਮਰੀਕੀ ਰਾਸ਼ਟਰਪਤੀ ਨਾਲ ਅਕਸਰ ਗੱਲਬਾਤ ਹੁੰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਕੁਆਡ ਬੈਠਕ ਭਵਿੱਖ ਦੀ ਮਜ਼ਬੂਤ ਨੀਂਹ ਰੱਖੇਗੀ।



ਛੇ ਮਹੀਨਿਆਂ ਵਿੱਚ ਦੋਵਾਂ ਆਗੂਆਂ ਦੀ ਇਹ ਦੂਜੀ ਮੁਲਾਕਾਤ ਹੈ। ਇਸ ਤੋਂ ਪਹਿਲਾਂ ਉਹ 17 ਜੂਨ ਨੂੰ ਫਰਾਂਸ ਵਿੱਚ ਹੋਏ ਜੀ-7 ਸਿਖਰ ਸੰਮੇਲਨ ਦੌਰਾਨ ਮਿਲੇ ਸਨ।

ਮਨੀਲਾ ਵਿੱਚ ਹੋਈ ਕੁਆਡ ਮੀਟਿੰਗ ਵਿੱਚ ਮੋਦੀ ਅਤੇ ਟਰੰਪ ਤੋਂ ਇਲਾਵਾ ਜਾਪਾਨ ਦੀ ਪ੍ਰਧਾਨ ਮੰਤਰੀ ਸਾਨੇ ਤਾਕਾਇਚੀ ਅਤੇ ਆਸਟਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਨੇ ਵੀ ਹਿੱਸਾ ਲਿਆ।

ਟਰੰਪ ਦੀ ਇਰਾਨ ਨੂੰ ਸਖ਼ਤ ਚਿਤਾਵਨੀ
ਇਸ ਦੌਰਾਨ ਇਰਾਨ ਵੱਲੋਂ ਅਮਰੀਕਾ 'ਤੇ ਹਮਲੇ ਦੇ ਖ਼ਤਰੇ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਟਰੰਪ ਨੇ ਸਖ਼ਤ ਚਿਤਾਵਨੀ ਦਿੱਤੀ। ਉਨ੍ਹਾਂ ਕਿਹਾ ਕਿ ਜੇ ਇਰਾਨ ਵੱਲੋਂ ਅਜਿਹਾ ਕੋਈ ਖ਼ਤਰਾ ਪੈਦਾ ਕੀਤਾ ਗਿਆ ਤਾਂ ਉਸ ਨੂੰ ਅਜਿਹੀ ਭਾਰੀ ਕੀਮਤ ਚੁਕਾਉਣੀ ਪਵੇਗੀ, ਜਿਹੋ ਜਿਹੀ ਅੱਜ ਤੱਕ ਕਿਸੇ ਦੇਸ਼ ਨੇ ਨਹੀਂ ਚੁਕਾਈ।

ਰਾਤੋ-ਰਾਤ ਬਦਲੀ ਕਿਸਾਨ ਦੀ ਕਿਸਮਤ ! 12 ਕਰੋੜ ਦੀ ਨਿਕਲੀ ਲਾਟਰੀ



ਲਾਲੜੂ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕਹਿੰਦੇ ਹਨ ਕਿ ਕਿਸਮਤ ਬਦਲਦਿਆਂ ਦੇਰ ਨਹੀਂ ਲੱਗਦੀ। ਇਸ ਦੀ ਮਿਸਾਲ ਲਾਲੜੂ ਨੇੜਲੇ ਪਿੰਡ ਹਮਾਯੂੰਪੁਰ ਦੇ ਕਿਸਾਨ ਬਲਜਿੰਦਰ ਸਿੰਘ ਦੇ ਰੂਪ ਵਿੱਚ ਸਾਹਮਣੇ ਆਈ ਹੈ, ਜਿਸ ਦੀ 12 ਕਰੋੜ ਰੁਪਏ ਦੀ ਪੰਜਾਬ ਦੀਵਾਲੀ ਬੰਪਰ ਲਾਟਰੀ ਨਿਕਲਣ ਨਾਲ ਪਰਿਵਾਰ ਦੀ ਖ਼ੁਸ਼ੀ ਦਾ ਕੋਈ ਟਿਕਾਣਾ ਨਹੀਂ ਰਿਹਾ। ਇਸ ਵੱਡੀ ਜਿੱਤ ਨਾਲ ਪੂਰੇ ਪਿੰਡ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ।

ਜਾਣਕਾਰੀ ਅਨੁਸਾਰ ਕਰੀਬ 45 ਸਾਲਾ ਬਲਜਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਖੇਤੀਬਾੜੀ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਹੈ। ਉਸ ਨੇ ਦੀਵਾਲੀ ਤੋਂ ਪਹਿਲਾਂ ਹੰਡੇਸਰਾ ਦੇ ਲਾਟਰੀ ਵਿਕਰੇਤਾ ਆਸ਼ੂ ਗਰਗ ਪਾਸੋਂ ਦੀਵਾਲੀ ਬੰਪਰ ਦੀ ਟਿਕਟ ਖ਼ਰੀਦੀ ਸੀ। ਬੀਤੀ ਰਾਤ ਕਰੀਬ 11 ਵਜੇ ਜਦੋਂ ਉਸ ਨੂੰ 12 ਕਰੋੜ ਰੁਪਏ ਦਾ ਪਹਿਲਾ ਇਨਾਮ ਨਿਕਲਣ ਦੀ ਸੂਚਨਾ ਮਿਲੀ ਤਾਂ ਉਸ ਦੀ ਖ਼ੁਸ਼ੀ ਦਾ ਕੋਈ ਅੰਤ ਨਾ ਰਿਹਾ।

ਕੇਂਦਰ ਵੱਲੋਂ ਪੰਜਾਬ ਦੇ ਖੇਤੀਬਾੜੀ ਖੇਤਰ ਲਈ 352.64 ਕਰੋੜ ਰੁਪਏ ਮਨਜ਼ੂਰ; ਖੁੱਡੀਆਂ ਨੂੰ ਸੌਂਪਿਆ ਮਨਜ਼ੂਰੀ ਪੱਤਰ

ਚੰਡੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਮੰਗਲਵਾਰ ਨੂੰ ਪੰਜਾਬ ਦੇ ਖੇਤੀਬਾੜੀ ਖੇਤਰ ਲਈ 352.64 ਕਰੋੜ ਰੁਪਏ ਦੇ ਵਿੱਤੀ ਪੈਕੇਜ ਦਾ ਐਲਾਨ ਕੀਤਾ ਹੈ। ਇਸ ਪੈਕੇਜ ਵਿੱਚ ਪ੍ਰਧਾਨ ਮੰਤਰੀ ਕੌਮੀ ਕ੍ਰਿਸ਼ੀ ਵਿਕਾਸ ਯੋਜਨਾ ਤਹਿਤ 254.20 ਕਰੋੜ ਰੁਪਏ ਅਤੇ 98.44 ਕਰੋੜ ਰੁਪਏ ਦੀ ਲਾਗਤ ਵਾਲੇ ਸੱਤ ਨਵੇਂ ਪ੍ਰੋਜੈਕਟਾਂ ਦੀ ਮਨਜ਼ੂਰੀ ਸ਼ਾਮਲ ਹੈ।



ਜ਼ਿਲ੍ਹਾ ਮੁਹਾਲੀ ਦੇ ਪਿੰਡ ਬਦਰਪੁਰ ਵਿਖੇ 'ਖੇਤ ਬਚਾਓ ਅਭਿਆਨ' ਪ੍ਰੋਗਰਾਮ ਦੌਰਾਨ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਮਨਜ਼ੂਰੀ ਪੱਤਰ ਸੌਂਪਦਿਆਂ ਮੰਤਰੀ ਚੌਹਾਨ ਨੇ ਕਿਹਾ ਕਿ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਕਿਸਾਨਾਂ ਦੀ ਭਲਾਈ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ, ਸਰਕਾਰਾਂ ਵੱਖੋ-ਵੱਖਰੀਆਂ ਹੋ ਸਕਦੀਆਂ ਹਨ, ਪਰ ਕਿਸਾਨਾਂ ਦੀ ਸੇਵਾ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਇਨ੍ਹਾਂ ਫੰਡਾਂ ਨਾਲ ਸੂਬੇ ਵਿੱਚ ਖੇਤੀ ਉਤਪਾਦਕਤਾ ਵਧੇਗੀ, ਬੁਨਿਆਦੀ ਢਾਂਚਾ ਮਜ਼ਬੂਤ ਹੋਵੇਗਾ ਅਤੇ ਸਮੁੱਚੇ ਖੇਤੀ ਵਿਕਾਸ ਨੂੰ ਰਫ਼ਤਾਰ ਮਿਲੇਗੀ।

ਖਾਦਾਂ ਦੀ ਵੰਡ ਵਿੱਚ ਹੋਣ ਵਾਲੀਆਂ ਬੇਨਿਯਮੀਆਂ ਖ਼ਿਲਾਫ਼ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਕੇਂਦਰੀ ਮੰਤਰੀ ਨੇ ਡੀਲਰਾਂ ਨੂੰ ਕਾਲਾਬਾਜ਼ਾਰੀ ਅਤੇ ਖਾਦਾਂ ਦੇ ਨਾਲ ਹੋਰ ਉਤਪਾਦਾਂ ਦੀ ਜ਼ਬਰਦਸਤੀ 'ਟੈਗਿੰਗ' ਕਰਨ ਵਿਰੁੱਧ ਚਿਤਾਵਨੀ ਦਿੱਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਕੇਂਦਰ ਸਰਕਾਰ ਮਹਿੰਗੇ ਭਾਅ 'ਤੇ ਖਾਦਾਂ ਦਰਾਮਦ ਕਰਕੇ ਕਿਸਾਨਾਂ ਨੂੰ ਭਾਰੀ ਸਬਸਿਡੀ 'ਤੇ ਮੁਹੱਈਆ ਕਰਵਾਉਂਦੀ ਹੈ ਅਤੇ ਜੇਕਰ ਕੋਈ ਕਾਲਾਬਾਜ਼ਾਰੀ ਜਾਂ ਅਣਅਧਿਕਾਰਤ ਟੈਗਿੰਗ ਕਰਦਾ ਫੜਿਆ ਗਿਆ ਤਾਂ ਉਸ ਨੂੰ ਜੇਲ੍ਹ ਦੀ ਹਵਾ ਖਾਣੀ ਪਵੇਗੀ। ਇਸ ਦੇ ਨਾਲ ਹੀ ਉਨ੍ਹਾਂ ਐਲਾਨ ਕੀਤਾ ਕਿ ਨਕਲੀ ਬੀਜਾਂ, ਨਕਲੀ ਖਾਦਾਂ ਅਤੇ ਘਟੀਆ ਕੀਟਨਾਸ਼ਕਾਂ ਦੀ ਵਿਕਰੀ ਨੂੰ ਠੱਲ੍ਹ ਪਾਉਣ ਲਈ ਕੇਂਦਰ ਸਰਕਾਰ ਇੱਕ ਨਵਾਂ ਅਤੇ ਸਖ਼ਤ ਕੀਟਨਾਸ਼ਕ ਕਾਨੂੰਨ ਲਿਆ ਰਹੀ ਹੈ, ਜਿਸ ਲਈ ਦੇਸ਼ ਭਰ ਦੇ ਕਿਸਾਨਾਂ ਅਤੇ ਮਾਹਿਰਾਂ ਤੋਂ ਸੁਝਾਅ ਮੰਗੇ ਜਾ ਰਹੇ ਹਨ।

ਰਸਾਇਣਕ ਖਾਦਾਂ 'ਤੇ ਨਿਰਭਰਤਾ ਘਟਾਉਣ ਦੇ ਯਤਨਾਂ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਚੌਹਾਨ ਨੇ ਦੱਸਿਆ ਕਿ ਸਰਕਾਰ ਨੇ ਦੇਸ਼ ਭਰ ਵਿੱਚ 10,000 ਹੈਕਟੇਅਰ ਰਕਬੇ ਵਿੱਚ ਯੂਰੀਆ ਦੇ ਬਦਲ ਵਜੋਂ 'ਗ੍ਰੀਨ ਅਮੋਨੀਆ' ਦੇ ਟਰਾਇਲ ਸ਼ੁਰੂ ਕੀਤੇ ਹਨ।

ਉਨ੍ਹਾਂ ਦੌਰੇ ਦੌਰਾਨ ਇਸ ਤਕਨੀਕ ਦਾ ਲਾਈਵ ਪ੍ਰਦਰਸ਼ਨ ਵੀ ਦੇਖਿਆ। ਯੂਰੀਆ ਅਤੇ ਡੀ.ਏ.ਪੀ. ਦੀ ਬੇਲੋੜੀ ਵਰਤੋਂ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਪਰਖ ਕਰਵਾਉਣ ਦੀ ਅਪੀਲ ਕੀਤੀ।

ਕੇਂਦਰੀ ਮੰਤਰੀ ਨੇ ਕਿਸਾਨਾਂ ਨੂੰ ਕਣਕ-ਝੋਨੇ ਦੇ ਫ਼ਸਲੀ ਚੱਕਰ 'ਚੋਂ ਨਿਕਲ ਕੇ ਫ਼ਸਲੀ ਵਿਭਿੰਨਤਾ ਅਤੇ ਏਕੀਕ੍ਰਿਤ ਖੇਤੀ (Integrated Farming) ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਫ਼ਸਲਾਂ ਦੇ ਨਾਲ-ਨਾਲ ਬਾਗ਼ਬਾਨੀ, ਡੇਅਰੀ, ਮੱਛੀ ਪਾਲਣ, ਮੁਰਗੀ ਪਾਲਣ, ਬੱਕਰੀ ਪਾਲਣ, ਖੁੰਬਾਂ ਦੀ ਕਾਸ਼ਤ ਅਤੇ ਸ਼ਹਿਦ ਦੀਆਂ ਮੱਖੀਆਂ ਪਾਲਣ ਵਰਗੇ ਸਹਾਇਕ ਧੰਦੇ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਸਾਲ ਭਰ ਸਥਿਰ ਆਮਦਨ ਦੇ ਸਕਦੇ ਹਨ। ਉਨ੍ਹਾਂ ਸੰਕੇਤ ਦਿੱਤਾ ਕਿ ਅਗਲੇ ਕੇਂਦਰੀ ਬਜਟ ਵਿੱਚ ਏਕੀਕ੍ਰਿਤ ਖੇਤੀ ਦੇ ਹੋਰ ਪ੍ਰੋਜੈਕਟਾਂ ਲਿਆਂਦੇ ਜਾਣਗੇ।ਟਿਕਾਊ ਖੇਤੀ ਅਭਿਆਸਾਂ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੰਤਰੀ ਚੌਹਾਨ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਘਟਾਉਣ ਲਈ ਪੰਜਾਬ ਦੇ ਕਿਸਾਨਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਜ਼ਮੀਨ ਵਿੱਚ ਹੀ ਵਾਹੁਣ ਵਾਲੇ ਕਿਸਾਨ ਭੁਪਿੰਦਰ ਸਿੰਘ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ। ਪੰਜਾਬ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਦੇ ਜਵਾਨਾਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕੀਤੀ ਹੈ, ਜਦਕਿ ਹਰੀ ਕ੍ਰਾਂਤੀ ਦੌਰਾਨ ਇੱਥੋਂ ਦੇ ਕਿਸਾਨਾਂ ਨੇ ਆਪਣੀ ਸਖ਼ਤ ਮਿਹਨਤ ਨਾਲ ਦੇਸ਼ ਦੇ ਅਨਾਜ ਭੰਡਾਰ ਭਰੇ ਹਨ। ਅਗਾਂਹਵਧੂ ਕਿਸਾਨਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਜੈਵਿਕ ਖੇਤੀ ਅਤੇ ਵਰਮੀਕੰਪੋਸਟਿੰਗ ਦੀ ਸ਼ਲਾਘਾ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਦ ਉਤਪਾਦਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਨੈਸ਼ਨਲ ਬੀ ਬੋਰਡ (National Bee Board) ਦੀ ਵਿਸ਼ੇਸ਼ ਮੀਟਿੰਗ ਬੁਲਾਈ ਜਾਵੇ ਅਤੇ ਜੈਵਿਕ ਉਤਪਾਦਾਂ ਦੇ ਪ੍ਰਮਾਣੀਕਰਨ (ਸਰਟੀਫਿਕੇਸ਼ਨ) ਦੀ ਪ੍ਰਕਿਰਿਆ ਨੂੰ ਸਰਲ ਬਣਾਇਆ ਜਾਵੇ।

ਭਾਜਪਾ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ: ਪਾਟਿਲ

ਚੰਡੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰੀ ਮੰਤਰੀ ਅਤੇ ਪੰਜਾਬ ਭਾਜਪਾ ਦੇ ਚੋਣ ਇੰਚਾਰਜ ਸੀ ਆਰ ਪਾਟਿਲ ਨੇ ਅੱਜ ਕਿਹਾ ਕਿ ਭਾਜਪਾ ਪੰਜਾਬ ਵਿਧਾਨ ਸਭਾ ਦੀਆਂ ਸਾਰੀਆਂ 117 ਸੀਟਾਂ 'ਤੇ ਚੋਣ ਲੜੇਗੀ। ਉਨ੍ਹਾਂ ਅਕਾਲੀ ਦਲ ਜਾਂ ਕਿਸੇ ਹੋਰ ਪਾਰਟੀ ਨਾਲ ਗੱਠਜੋੜ ਬਾਰੇ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰਦਿਆਂ ਕਿਹਾ ਕਿ ਗੱਠਜੋੜ ਬਾਰੇ ਫ਼ੈਸਲਾ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਕਰਨਾ ਹੈ ਅਤੇ ਇਹ ਮਾਮਲਾ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਚੰਡੀਗੜ੍ਹ ਸਥਿਤ ਭਾਜਪਾ ਦੇ ਸੂਬਾਈ ਦਫ਼ਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਟਿਲ ਨੇ ਦਾਅਵਾ ਕੀਤਾ ਕਿ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਏਗੀ। ਉਨ੍ਹਾਂ ਕਿਹਾ, ਜਿਵੇਂ ਹੋਰਨਾਂ ਸੂਬਿਆਂ ਵਿੱਚ ਭਾਜਪਾ ਜਿੱਤ ਰਹੀ ਹੈ, ਉਸੇ ਤਰ੍ਹਾਂ ਪੰਜਾਬ ਵਿੱਚ ਵੀ ਵਿਧਾਨ ਸਭਾ ਚੋਣਾਂ ਜਿੱਤੇਗੀ। ਮੇਰੇ ਅਨੁਸਾਰ ਪੰਜਾਬ ਦੀ ਸਿਆਸੀ ਸਥਿਤੀ ਇਹੀ ਕਹਿੰਦੀ ਹੈ।

ਭਾਜਪਾ-ਅਕਾਲੀ ਗੱਠਜੋੜ ਬਾਰੇ ਪੁੱਛੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਪਾਰਟੀ ਜੋ ਵੀ ਫ਼ੈਸਲਾ ਕਰੇਗੀ, ਉਸ ਬਾਰੇ ਸਭ ਨੂੰ ਪਤਾ ਲੱਗ ਜਾਵੇਗਾ। ਸੁਖਬੀਰ ਸਿੰਘ ਬਾਦਲ ਨਾਲ ਮੀਟਿੰਗ ਬਾਰੇ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕੋਈ ਮੁਲਾਕਾਤ ਨਹੀਂ ਹੋਈ। ਉਨ੍ਹਾਂ ਕਿਹਾ, ਮੈਂ ਭਾਜਪਾ ਦਾ ਇਕ ਆਮ ਵਰਕਰ ਹਾਂ। ਜੇ ਕੋਈ ਮੀਟਿੰਗ ਹੋਣੀ ਹੈ ਤਾਂ ਸਾਡੇ ਸੀਨੀਅਰ ਆਗੂ ਕਰਨਗੇ। ਮੈਂ ਇਸ ਵਿੱਚ ਸ਼ਾਮਲ ਨਹੀਂ ਹਾਂ।

ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਪਾਰਟੀ ਦਫ਼ਤਰ ਵਿੱਚ ਕੋਈ ਮੀਟਿੰਗ ਕਰਨ ਨਹੀਂ ਆਏ ਸਗੋਂ ਵਰਕਰਾਂ ਨੂੰ ਮਿਲਣ ਆਏ ਹਨ। ਇਸ ਮੌਕੇ ਸੂਬਾ ਪ੍ਰਧਾਨ ਕੇਵਲ ਢਿੱਲੋਂ, ਮੀਡੀਆ ਇੰਚਾਰਜ ਵਿਨੀਤ ਜੋਸ਼ੀ ਅਤੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਮੌਜੂਦ ਸਨ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਉਨ੍ਹਾਂ ਨੂੰ ਦਫ਼ਤਰ ਲੈ ਕੇ ਆਏ।

ਸਾਬਕਾ ਡੀ.ਐਸ.ਪੀ. ਸੁਰੇਂਦਰ ਧੋਗੜੀ, ਭਾਜਪਾ ਨੇਤਾ ਪ੍ਰਸ਼ਾਂਤ ਗੰਭੀਰ ਅਤੇ ਡੀ.ਐਸ.ਪੀ. ਸੁਰਿੰਦਰ ਪਾਲ ਡੋਗਰੀ 'ਆਪ' ਚ ਸ਼ਾਮਿਲ

ਜਲੰਧਰ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਵੀਟ ਕਰਦੇ ਹੋਏ ਕਿਹਾ ਕਿ ਅੱਜ 'ਆਮ ਆਦਮੀ ਪਾਰਟੀ' ਦੇ ਪਰਿਵਾਰ 'ਚ ਕਈ ਅਹਿਮ ਸ਼ਖਸੀਅਤਾਂ ਸ਼ਾਮਲ ਹੋਈਆਂ... ਜਲੰਧਰ ਕਾਂਗਰਸ ਦੇ ਮੌਜੂਦਾ ਉਪ-ਪ੍ਰਧਾਨ ਮਾਈਕ ਖੋਸਲਾ ਜੀ ਅਤੇ ਭਾਜਪਾ ਯੁਵਾ ਮੋਰਚਾ ਦੇ ਮੁੱਖ ਬੁਲਾਰੇ ਤੇ ਉਦਯੋਗਪਤੀ ਪ੍ਰਸ਼ਾਂਤ ਗੰਭੀਰ ਜੀ ਨੇ ਪਾਰਟੀ ਦੀਆਂ ਨੀਤੀਆਂ 'ਚ ਵਿਸ਼ਵਾਸ ਜਤਾਇਆ ਹੈ... ਇਸਦੇ ਨਾਲ ਹੀ ਪੰਜਾਬ ਪੁਲਿਸ 'ਚ ਬਤੌਰ ਡੀ.ਐਸ.ਪੀ. ਬੇਦਾਗ਼ ਅਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਸੁਰਿੰਦਰ ਪਾਲ ਡੋਗਰੀ ਜੀ ਦਾ ਵੀ ਪਾਰਟੀ 'ਚ ਨਿੱਘਾ ਸਵਾਗਤ ਹੈ।



30 ਨਵੰਬਰ ਤੱਕ ਜ਼ਿਲ੍ਹਾ ਵਾਸੀ ਆਨਲਾਈਨ ਪੋਰਟਲ ਰਾਹੀਂ ਖੁਦ ਦਰਜ ਕਰ ਸਕਦੇ ਹਨ ਆਪਣੇ ਵੇਰਵੇ : ਡਾ. ਸੋਨਾ ਥਿੰਦ



ਫ਼ਤਹਿਗੜ੍ਹ ਸਾਹਿਬ, 16 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹੇ ਵਿੱਚ ਜਨਗਣਨਾ 2027 ਦੇ ਦੂਜੇ ਪੜਾਅ(ਆਬਾਦੀ ਗਣਨਾ) ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ ਸ਼ੁਰੂ ਹੋ ਗਈ। ਇਸ ਮੁਹਿੰਮ ਦੀ ਸ਼ੁਰੂਆਤ ਪ੍ਰਿੰਸੀਪਲ ਸੈਂਸਸ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋ ਕੀਤੀ ਅਤੇ ਜ਼ਿਲ੍ਹਾ ਵਾਸੀਆਂ ਨੂੰ ਇਸ ਡਿਜੀਟਲ ਪ੍ਰਕਿਰਿਆ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹੇ ਦੀਆਂ ਵੱਖ-ਵੱਖ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਆਪਣੀ ਸਵੈ-ਜਨਗਣਨਾ ਕਰਕੇ ਇਸ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੂਜੇ ਪੜਾਅ ਤਹਿਤ 16 ਨਵੰਬਰ ਤੋਂ ਸ਼ੁਰੂ ਹੋਈ ਸਵੈ ਗਣਨਾ ਦੀ ਪ੍ਰਕਿਰਿਆ 30 ਨਵੰਬਰ 2026 ਤੱਕ ਚੱਲੇਗੀ। ਇਸ ਦੌਰਾਨ ਲੋਕ se.census.gov.in ਪੋਰਟਲ ਰਾਹੀਂ ਆਪਣੇ ਪਰਿਵਾਰ ਸਬੰਧੀ ਵੇਰਵੇ ਖੁਦ ਆਨਲਾਈਨ ਦਰਜ ਕਰ ਸਕਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਵੈ-ਗਣਨਾ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਂਦਿਆਂ ਆਪਣੇ ਵੇਰਵੇ ਸਹੀ ਤੇ ਮੁਕੰਮਲ ਦਰਜ ਕਰਨ ਲਈ ਕਿਹਾ।

ਸੰਪਾਦਕੀ

ਭਾਰਤ ਵਿਚ ਮਹਿੰਗਾਈ ਹੋਰ ਵਧੀ

ਭਾਰਤ ਵਿੱਚ ਪ੍ਰਚੂਨ ਮਹਿੰਗਾਈ ਦਾ ਦੋ ਸਾਲਾਂ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚਣਾ ਆਮ ਲੋਕਾਂ ਦੀ ਖ਼ਰੀਦ ਸ਼ਕਤੀ ਕਮਜ਼ੋਰ ਹੋਣ ਅਤੇ ਘਰੇਲੂ ਬਜਟ 'ਤੇ ਪੈ ਰਹੇ ਭਾਰ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ। ਖਪਤਕਾਰ ਮੁੱਲ ਸੂਚਕ ਅੰਕ (ਸੀ ਪੀ ਆਈ) ਮੁਤਾਬਿਕ ਪਿਛਲੇ ਮਹੀਨੇ ਮਹਿੰਗਾਈ ਦਰ 6.09 ਫ਼ੀਸਦੀ ਰਹੀ, ਜਿਸ ਨਾਲ ਇਹ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਦੀ 6 ਫ਼ੀਸਦੀ ਦੀ ਉੱਪਰਲੀ ਸਹਿਣਯੋਗਤਾ ਹੱਦ ਨੂੰ ਪਾਰ ਕਰ ਗਈ ਹੈ। ਅਕਤੂਬਰ ਵਿੱਚ ਕੇਂਦਰੀ ਬੈਂਕ ਵੱਲੋਂ ਨੀਤੀਗਤ ਰੈਪੋ ਦਰ ਨੂੰ ਵਧਾ ਕੇ 5.5 ਫ਼ੀਸਦੀ ਕਰਨ ਤੋਂ ਬਾਅਦ, ਅਗਲੇ ਮਹੀਨੇ ਦੇ ਸ਼ੁਰੂ ਵਿੱਚ ਹੋਣ ਵਾਲੀ ਮੁਦਰਾ ਨੀਤੀ ਕਮੇਟੀ (ਐੱਮ ਪੀ ਸੀ) ਦੀ ਮੀਟਿੰਗ ਵਿੱਚ ਵਿਆਜ ਦਰਾਂ ਵਿੱਚ ਇੱਕ ਹੋਰ ਵਾਧਾ ਦੇਖਣ ਨੂੰ ਮਿਲ ਸਕਦਾ ਹੈ। ਇਸ ਨਾਲ ਲੋਕਾਂ ਦੇ ਕਰਜ਼ਿਆਂ ਦੀਆਂ ਮਾਸਿਕ ਕਿਸ਼ਤਾਂ ਲੰਮੇ ਸਮੇਂ ਤੱਕ ਉੱਚੀਆਂ ਬਣੀਆਂ ਰਹਿਣ ਦੀ ਸੰਭਾਵਨਾ ਹੈ। ਖਾਣ-ਪੀਣ ਦੀਆਂ ਵਸਤੂਆਂ, ਜੋ ਕਿ ਮੁੱਲ ਸੂਚਕ ਅੰਕ ਦਾ ਲਗਪਗ 40 ਫ਼ੀਸਦੀ ਹਿੱਸਾ ਬਣਦੀਆਂ ਹਨ, ਇਸ ਮਹਿੰਗਾਈ ਵਿੱਚ ਮੁੱਖ ਭੂਮਿਕਾ ਨਿਭਾ ਰਹੀਆਂ ਹਨ। ਸਬਜ਼ੀਆਂ, ਦਾਲਾਂ ਅਤੇ ਕਰਿਆਨੇ ਦਾ ਸਾਮਾਨ ਸਭ ਕੁਝ ਮਹਿੰਗਾ ਹੋ ਗਿਆ ਹੈ ਜਦੋਂਕਿ ਇਸ ਦੇ ਨਾਲ ਹੀ ਅਨਾਜ, ਤੇਲ ਬੀਜ ਅਤੇ ਖੰਡ ਦੀਆਂ ਕੀਮਤਾਂ 'ਤੇ ਵੀ ਲਗਾਤਾਰ ਦਬਾਅ ਬਣਿਆ ਹੋਇਆ ਹੈ। ਅਕਤੂਬਰ ਵਿੱਚ ਖਾਣ-ਪੀਣ ਦੀ ਮਹਿੰਗਾਈ ਦਰ ਵਧ ਕੇ 8.94 ਫ਼ੀਸਦੀ ਤੱਕ ਪਹੁੰਚ ਗਈ। ਹਾਲਾਤ ਦੱਸਦੇ ਹਨ ਕਿ ਆਉਣ ਵਾਲਾ ਸਮਾਂ ਯਾਨੀ ਸਰਦੀਆਂ ਦਾ ਮੌਸਮ ਆਮ ਲੋਕਾਂ ਲਈ ਕਾਫ਼ੀ ਔਖਾ ਰਹਿਣ ਵਾਲਾ ਹੈ। ਘਰੇਲੂ ਮਹਿੰਗਾਈ ਦਰ ਲਗਾਤਾਰ 12ਵੇਂ ਮਹੀਨੇ ਵਧੀ ਹੈ। ਖਾਣ-ਪੀਣ ਤੋਂ ਇਲਾਵਾ ਇਸ ਵਾਧੇ ਵਿੱਚ ਆਵਾਜਾਈ, ਕੱਪੜਿਆਂ, ਰਿਹਾਇਸ਼ ਅਤੇ ਖਾਣ-ਪੀਣ ਦੀਆਂ ਰੈਸਤਰਾਂ ਆਦਿ ਸੇਵਾਵਾਂ ਦੀ ਮੁੱਖ ਭੂਮਿਕਾ ਰਹੀ ਹੈ। ਤੇਲ ਦੀਆਂ ਕੀਮਤਾਂ ਵਿੱਚ ਹਾਲ ਹੀ ਵਿੱਚ ਆਈ ਗਿਰਾਵਟ ਨੇ ਭਾਵੇਂ ਕੁਝ ਰਾਹਤ ਦਿੱਤੀ ਹੋਵੇ, ਪਰ ਮਹਿੰਗਾਈ ਦਾ ਦਬਾਅ ਉੱਚਾ ਹੀ ਬਣਿਆ ਰਹਿਣ ਦੀ ਸੰਭਾਵਨਾ ਹੈ। ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਮੁੱਖ ਮਹਿੰਗਾਈ ਦਰ (ਹੈੱਡਲਾਈਨ ਇਨਫਲੇਸ਼ਨ) ਨੇ ਅਜੇ ਆਪਣੇ ਸਿਖਰ 'ਤੇ ਪਹੁੰਚਣਾ ਹੈ, ਜੋ ਕਿ ਘੱਟ ਅਤੇ ਬੇਤਰਤੀਬੇ ਮੌਨਸੂਨ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਆਲਮੀ ਪੱਧਰ 'ਤੇ ਖਾਣ-ਪੀਣ ਦੀਆਂ ਵਸਤਾਂ ਦੀਆਂ ਵਧਦੀਆਂ ਕੀਮਤਾਂ ਨੇ ਘਰੇਲੂ ਬਾਜ਼ਾਰ 'ਤੇ ਦਬਾਅ ਹੋਰ ਵਧਾ ਦਿੱਤਾ ਹੈ। ਭਾਵੇਂ ਸਮੁੱਚੀ ਆਰਥਿਕ ਤਸਵੀਰ ਸਥਿਰ ਨਜ਼ਰ ਆ ਰਹੀ ਹੈ ਪਰ ਇਹ ਇੱਕ ਗੰਭੀਰ ਸਥਿਤੀ ਹੈ ਕਿਉਂਕਿ ਵਿੱਤੀ ਸਾਲ 2026-27 ਦੀ ਦੂਜੀ ਤਿਮਾਹੀ ਵਿੱਚ ਜੀ ਡੀ ਪੀ ਦੀ ਵਾਧਾ ਦਰ 7.7 ਫ਼ੀਸਦੀ ਰਹਿਣ ਦੀ ਉਮੀਦ ਹੈ। ਇੱਕ ਆਮ ਖਪਤਕਾਰ ਲਈ ਵਧ ਰਹੀ ਮਹਿੰਗਾਈ ਦੇ ਮਾਅਨੇ ਜ਼ਰੂਰੀ ਵਸਤਾਂ ਦੀ ਖ਼ਰੀਦ ਵਿੱਚ ਕਟੌਤੀ ਕਰਨਾ ਹੋ ਸਕਦੇ ਹਨ। ਇਹ ਸਥਿਤੀ ਕੀਮਤਾਂ ਨੂੰ ਸਥਿਰ ਕਰਨ ਦੀ ਲੋੜ ਨੂੰ ਹੋਰ ਵੀ ਫ਼ੌਰੀ ਬਣਾ ਦਿੰਦੀ ਹੈ। ਬਦਲਦੇ ਹਾਲਾਤ 'ਤੇ ਨਜ਼ਰ ਰੱਖਣ ਅਤੇ ਲੋਕਾਂ ਦਾ ਬੋਝ ਘਟਾਉਣ ਲਈ ਸੰਕਟਕਾਲੀ ਉਪਾਅ ਕਰਨ ਦੀ ਤਿਆਰੀ ਦੇ ਨਾਲ-ਨਾਲ ਸਰਕਾਰ ਲਈ ਇਹ ਵੀ ਬਹੁਤ ਜ਼ਰੂਰੀ ਹੈ ਕਿ ਉਹ ਜਨਤਾ ਨਾਲ ਰਾਬਤਾ ਕਾਇਮ ਰੱਖੇ।

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਵੋਟਰ ਦੀ ਅਮਾਨਤ, ਕਮਿਸ਼ਨ ਦੀ ਖ਼ਯਾਨ

ਦਸਤਾਵੇਜ਼ੀ ਸੰਪਾਦਕੀ . ਭਾਰਤੀ ਚੋਣ ਪ੍ਰਬੰਧ, ਸੰਵਿਧਾਨਕ ਮਰਿਆਦਾ ਅਤੇ ਵੋਟਰ ਦੇ ਹੱਕਾਂ ਬਾਰੇ ਵਿਸ਼ੇਸ਼ ਪੜਚੋਲ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਲੋਕਤੰਤਰ ਵਿੱਚ ਵੋਟ ਸਿਰਫ਼ ਇੱਕ ਬਟਨ ਦਬਾਉਣ ਦੀ ਕਾਰਵਾਈ ਨਹੀਂ, ਸਗੋਂ ਨਾਗਰਿਕ ਦੀ ਸਿਆਸੀ ਹੋਂਦ, ਬਰਾਬਰੀ ਅਤੇ ਸੰਵਿਧਾਨਕ ਹਿੱਸੇਦਾਰੀ ਦਾ ਸਭ ਤੋਂ ਅਹਿਮ ਸਬੂਤ ਹੈ। ਇਸੇ ਲਈ ਚੋਣਾਂ ਕਰਵਾਉਣ ਵਾਲੀ ਸੰਸਥਾ ਦੀ ਨਿਰਪੱਖਤਾ ਉੱਤੇ ਲੋਕਾਂ ਦਾ ਭਰੋਸਾ ਲੋਕਤੰਤਰ ਦੀ ਬੁਨਿਆਦੀ ਸ਼ਰਤ ਹੈ। ਜੇ ਵੋਟਰ ਨੂੰ ਆਪਣਾ ਨਾਂ ਵੋਟਰ ਸੂਚੀ ਵਿੱਚ ਹੋਣ ਬਾਰੇ ਹੀ ਭਰੋਸਾ ਨਾ ਰਹੇ, ਜੇ ਨਵੇਂ ਨਾਂ ਜੋੜਨ ਅਤੇ ਪੁਰਾਣੇ ਨਾਂ ਕੱਟਣ ਦੀ ਪ੍ਰਕਿਰਿਆ ਸ਼ੱਕ ਦੇ ਘੇਰੇ ਵਿੱਚ ਆ ਜਾਵੇ ਅਤੇ ਜੇ ਸੰਸਥਾ ਦੇ ਅੰਦਰੋਂ ਹੀ ਫ਼ੈਸਲਾ ਲੈਣ ਦੇ ਢੰਗ ਬਾਰੇ ਇਤਰਾਜ਼ ਉੱਠਣ, ਤਾਂ ਇਹ ਸਿਰਫ਼ ਪ੍ਰਸ਼ਾਸਕੀ ਖਿੱਚੋਤਾਣ ਨਹੀਂ ਰਹਿੰਦੀ; ਇਹ ਲੋਕਤੰਤਰ ਦੀ ਭਰੋਸੇਯੋਗਤਾ ਨਾਲ ਜੁੜਿਆ ਗੰਭੀਰ ਸਵਾਲ ਬਣ ਜਾਂਦਾ ਹੈ।

ਦਿੱਤੀ ਗਈ ਅਖ਼ਬਾਰੀ ਰਿਪੋਰਟ ਦਾ ਸਿਰਲੇਖ ਇਸੇ ਚਿੰਤਾ ਵੱਲ ਧਿਆਨ ਖਿੱਚਦਾ ਹੈ: ਦਸ ਮਹੀਨਿਆਂ ਦੌਰਾਨ ਚੋਣ ਕਮਿਸ਼ਨ ਦੇ ਦੋ ਚੋਣ ਕਮਿਸ਼ਨਰਾਂ ਵੱਲੋਂ ਚੌਦਾਂ ਵਾਰ ਦਰਜ ਇਤਰਾਜ਼ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਇਨ੍ਹਾਂ ਇਤਰਾਜ਼ਾਂ ਦਾ ਸਬੰਧ ਕਮਿਸ਼ਨ ਦੇ ਫ਼ੈਸਲਿਆਂ ਬਾਰੇ ਜਾਣਕਾਰੀ ਤੋਂ ਵਾਂਝਾ ਰੱਖਣ, ਨਵੇਂ ਵੋਟਰ ਜੋੜਨ ਅਤੇ ਵੋਟਰ ਸੂਚੀਆਂ ਵਿੱਚੋਂ ਨਾਂ ਹਟਾਉਣ ਵਰਗੇ ਮਾਮਲਿਆਂ ਨਾਲ ਦੱਸਿਆ ਗਿਆ ਹੈ। ਇਹ ਵੇਰਵਾ ਆਪਣੇ ਆਪ ਵਿੱਚ ਜਾਂਚ ਅਤੇ ਜਨਤਕ ਸਪੱਸ਼ਟੀਕਰਨ ਦੀ ਮੰਗ ਕਰਦਾ ਹੈ। ਪਰ ਦੋਸ਼, ਇਤਰਾਜ਼, ਦਸਤਾਵੇਜ਼ੀ ਤੱਥ ਅਤੇ ਕਾਨੂੰਨੀ ਤੌਰ 'ਤੇ ਸਾਬਤ ਹੋਈ ਗ਼ਲਤੀ—ਇਹ ਚਾਰ ਵੱਖਰੀਆਂ ਗੱਲਾਂ ਹਨ। ਇਨ੍ਹਾਂ ਨੂੰ ਰਲਗੱਡ ਕਰਨਾ ਵੀ ਪੱਤਰਕਾਰੀ ਦੀ ਇਮਾਨਦਾਰੀ ਦੇ ਉਲਟ ਹੋਵੇਗਾ।

ਵੋਟਾਂ ਦੀ ਸਫ਼ਾਈ ਜਾਂ ਵੋਟਰਾਂ ਦੀ ਛਾਂਟੀ?: ਭਾਰਤੀ ਸੰਵਿਧਾਨ ਦੇ ਅਨੁਛੇਦ 324 ਤਹਿਤ ਚੋਣਾਂ ਅਤੇ ਵੋਟਰ ਸੂਚੀਆਂ ਦੀ ਤਿਆਰੀ, ਨਿਗਰਾਨੀ ਤੇ ਸੰਚਾਲਨ ਦੀ ਜ਼ਿੰਮੇਵਾਰੀ ਚੋਣ ਕਮਿਸ਼ਨ ਨੂੰ ਸੌਂਪੀ ਗਈ ਹੈ। ਇਹ ਜ਼ਿੰਮੇਵਾਰੀ ਕਿਸੇ ਸਰਕਾਰ, ਸਿਆਸੀ ਧਿਰ ਜਾਂ ਇੱਕ ਅਧਿਕਾਰੀ ਦੀ ਸਹੂਲਤ ਲਈ ਨਹੀਂ, ਸਗੋਂ ਸੰਵਿਧਾਨ ਦੀ ਪਾਲਣਾ ਕਰਦਿਆਂ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ ਹੈ। ਅਨੁਛੇਦ 325 ਧਰਮ, ਜਾਤ, ਨਸਲ ਅਤੇ ਲਿੰਗ ਦੇ ਆਧਾਰ ਉੱਤੇ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਕਿਸੇ ਨੂੰ ਵਾਂਝਾ ਕਰਨ ਦੀ ਮਨਾਹੀ ਕਰਦਾ ਹੈ, ਜਦਕਿ ਅਨੁਛੇਦ 326 ਬਾਲਗ ਵੋਟ ਦੇ ਹੱਕ ਦਾ ਸੰਵਿਧਾਨਕ ਆਧਾਰ ਹੈ। ਇਸ ਲਈ ਵੋਟਰ ਸੂਚੀ ਕੋਈ ਆਮ ਸਰਕਾਰੀ ਰਜਿਸਟਰ ਨਹੀਂ, ਸਗੋਂ ਲੋਕਤੰਤਰੀ ਨੁਮਾਇੰਦਗੀ ਦੀ ਨੀਂਹ ਹੈ।

ਇਸ ਮਾਮਲੇ ਦੀ ਗੰਭੀਰਤਾ ਸਮਝਣ ਲਈ ਚੋਣ ਕਮਿਸ਼ਨ ਦੀ ਬਣਤਰ ਵੀ ਸਮਝਣੀ ਜ਼ਰੂਰੀ ਹੈ। ਇਹ ਤਿੰਨ ਮੈਂਬਰੀ ਸੰਸਥਾ ਹੈ, ਜਿਸ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਤੇ ਵਿਵੇਕ ਜੋਸ਼ੀ ਸ਼ਾਮਲ ਹਨ। ਮੁੱਖ ਚੋਣ ਕਮਿਸ਼ਨਰ ਦਾ ਅਹੁਦਾ ਸੰਸਥਾ ਦੀ ਅਗਵਾਈ ਕਰਦਾ ਹੈ, ਪਰ ਕਮਿਸ਼ਨ ਦੀ ਸਮੂਹਕ ਜ਼ਿੰਮੇਵਾਰੀ ਨੂੰ ਕਿਸੇ ਇੱਕ ਵਿਅਕਤੀ ਦੀ ਮਰਜ਼ੀ ਵਿੱਚ ਸਮੇਟਿਆ ਨਹੀਂ ਜਾ ਸਕਦਾ। ਸਾਲ 2023 ਦੇ ਮੁੱਖ ਚੋਣ ਕਮਿਸ਼ਨਰ ਅਤੇ ਹੋਰ ਚੋਣ ਕਮਿਸ਼ਨਰਾਂ ਦੀ ਨਿਯੁਕਤੀ, ਸੇਵਾ ਸ਼ਰਤਾਂ ਅਤੇ ਕਾਰਜਕਾਲ ਬਾਰੇ ਕਾਨੂੰਨ ਦੀ ਧਾਰਾ 18 ਮੁਤਾਬਕ ਕਮਿਸ਼ਨ ਦਾ ਕੰਮ, ਜਿੱਥੋਂ ਤੱਕ ਸੰਭਵ ਹੋਵੇ, ਸਰਬਸੰਮਤੀ ਨਾਲ ਹੋਣਾ ਚਾਹੀਦਾ ਹੈ ਅਤੇ ਮਤਭੇਦ ਹੋਣ ਦੀ ਸੂਰਤ ਵਿੱਚ ਬਹੁਮਤ ਨਾਲ ਫ਼ੈਸਲਾ ਕੀਤਾ ਜਾਂਦਾ ਹੈ। ਇਹ ਪ੍ਰਬੰਧ ਕਿਸੇ ਅੰਦਰੂਨੀ ਰਸਮੀ ਕਾਰਵਾਈ ਲਈ ਨਹੀਂ, ਸਗੋਂ ਫ਼ੈਸਲਿਆਂ ਨੂੰ ਸੰਸਥਾਗਤ ਜਵਾਬਦੇਹੀ ਨਾਲ ਜੋੜਨ ਲਈ ਹੈ।

ਚੌਦਾਂ ਇਤਰਾਜ਼, ਚੌਦਾਂ ਸਵਾਲ: 23 ਸਤੰਬਰ 2026 ਨੂੰ ਅਖ਼ਬਾਰ 'ਦਿ ਇੰਡੀਅਨ ਐਕਸਪ੍ਰੈੱਸ' ਦੀ ਜਾਂਚ ਰਿਪੋਰਟ ਨੇ ਦੱਸਿਆ ਕਿ ਅਕਤੂਬਰ 2025 ਤੋਂ ਅਗਸਤ 2026 ਤੱਕ ਦੋ ਚੋਣ ਕਮਿਸ਼ਨਰਾਂ ਨੇ ਘੱਟੋ-ਘੱਟ ਚੌਦਾਂ ਵਾਰ ਲਿਖਤੀ ਰੂਪ ਵਿੱਚ ਇਤਰਾਜ਼ ਦਰਜ ਕਰਵਾਏ। ਇੱਕੋ ਦਿਨ ਚਾਰ ਇਤਰਾਜ਼ ਦਰਜ ਹੋਣ ਦੀ ਗੱਲ ਵੀ ਸਾਹਮਣੇ ਆਈ। ਇਨ੍ਹਾਂ ਦਾ ਸਬੰਧ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ, ਵੋਟਰਾਂ ਦੇ ਨਾਂ ਕੱਟਣ ਅਤੇ ਮੁੜ ਜੋੜਨ, ਪੱਛਮੀ ਬੰਗਾਲ ਵਿੱਚ ਅਪੀਲਾਂ ਦਾਇਰ ਕਰਨ, ਵੋਟਰ ਸੂਚੀਆਂ ਦੇ ਅੰਕੜਿਆਂ ਦੀ ਸੁਰੱਖਿਆ ਅਤੇ ਕੰਪਿਊਟਰੀ ਪ੍ਰਬੰਧ ਉੱਤੇ ਅਧਿਕਾਰ ਨਾਲ ਸੀ। ਰਿਪੋਰਟ ਮੁਤਾਬਕ ਇਹ ਇਤਰਾਜ਼ ਮੁੱਖ ਚੋਣ ਕਮਿਸ਼ਨਰ ਦੇ ਧਿਆਨ ਵਿੱਚ ਵੀ ਲਿਆਂਦੇ ਗਏ ਸਨ।

ਇੱਥੇ ਸਵਾਲ ਇਹ ਨਹੀਂ ਕਿ ਕਿਸੇ ਸੰਸਥਾ ਦੇ ਮੈਂਬਰਾਂ ਵਿਚ ਮਤਭੇਦ ਕਿਉਂ ਹੋਏ। ਸਿਹਤਮੰਦ ਸੰਸਥਾਵਾਂ ਵਿੱਚ ਮਤਭੇਦ ਹੋਣਾ ਸੁਭਾਵਿਕ ਹੈ। ਅਸਲ ਸਵਾਲ ਇਹ ਹੈ ਕਿ ਜਿਨ੍ਹਾਂ ਮਾਮਲਿਆਂ ਉੱਤੇ ਇਤਰਾਜ਼ ਦਰਜ ਹੋਏ, ਕੀ ਉਨ੍ਹਾਂ ਦਾ ਨਿਪਟਾਰਾ ਕਾਨੂੰਨੀ ਵਿਧੀ, ਸਪੱਸ਼ਟ ਕਾਰਨ ਅਤੇ ਲਿਖਤੀ ਜਵਾਬਦੇਹੀ ਨਾਲ ਕੀਤਾ ਗਿਆ? ਕੀ ਕਮਿਸ਼ਨ ਦੇ ਸਾਰੇ ਮੈਂਬਰਾਂ ਨੂੰ ਮਹੱਤਵਪੂਰਨ ਫ਼ੈਸਲਿਆਂ ਦੀ ਜਾਣਕਾਰੀ ਸੀ? ਕੀ ਅਧਿਕਾਰਤ ਹੁਕਮ ਜਾਰੀ ਕਰਨ ਤੋਂ ਪਹਿਲਾਂ ਲੋੜੀਂਦੀ ਸਹਿਮਤੀ ਲਈ ਗਈ? ਜੇ ਦੋ ਮੈਂਬਰ ਵਾਰ-ਵਾਰ ਆਪਣੀ ਅਣਜਾਣਤਾ ਜਾਂ ਅਸਹਿਮਤੀ ਦਰਜ ਕਰਵਾ ਰਹੇ ਸਨ ਤਾਂ ਇਸ ਦਾ ਸੰਸਥਾ ਦੇ ਕੰਮਕਾਜ ਉੱਤੇ ਕੀ ਅਸਰ ਪਿਆ?

ਫਾਰਮ-6: ਇੱਕ ਸਵਾਲ, ਨਵੇਂ ਵੋਟਰ ਦਾ ਭਵਿੱਖ: ਇਸ ਪੂਰੇ ਵਿਵਾਦ ਦਾ ਇੱਕ ਅਹਿਮ ਪੱਖ ਫਾਰਮ-6 ਨਾਲ ਜੁੜਿਆ ਹੈ। ਇਹ ਫਾਰਮ ਨਵੇਂ ਵੋਟਰ ਦੀ ਰਜਿਸਟ੍ਰੇਸ਼ਨ ਲਈ ਵਰਤਿਆ ਜਾਂਦਾ ਹੈ। ਰਿਪੋਰਟ ਮੁਤਾਬਕ ਇਸ ਦੇ ਆਨਲਾਈਨ ਰੂਪ ਵਿੱਚ ਇੱਕ ਨਵਾਂ ਸਵਾਲ ਜੋੜਿਆ ਗਿਆ, ਜਿਸ ਰਾਹੀਂ ਬਿਨੈਕਾਰ ਤੋਂ ਪੁੱਛਿਆ ਜਾਂਦਾ ਸੀ ਕਿ ਕੀ ਉਹ ਜਾਂ ਉਸ ਦੇ ਮਾਪੇ ਜਾਂ ਦਾਦਾ-ਦਾਦੀ ਪਿਛਲੀ ਵਿਸ਼ੇਸ਼ ਗਹਿਰੀ ਸੁਧਾਈ ਦੌਰਾਨ ਵੋਟਰ ਸੂਚੀ ਵਿੱਚ ਦਰਜ ਸਨ। ਇਹ ਸਵਾਲ ਫਾਰਮ ਦੇ ਛਪੇ ਹੋਏ ਰੂਪ ਵਿੱਚ ਨਹੀਂ ਸੀ, ਪਰ ਆਨਲਾਈਨ ਅਰਜ਼ੀ ਵਿੱਚ ਇਸ ਨੂੰ ਭਰੇ ਬਿਨਾਂ ਅਰਜ਼ੀ ਅੱਗੇ ਨਹੀਂ ਭੇਜੀ ਜਾ ਸਕਦੀ ਸੀ।

ਚੋਣ ਕਮਿਸ਼ਨਰ ਵਿਵੇਕ ਜੋਸ਼ੀ ਨੇ 16 ਮਈ ਨੂੰ ਲਿਖਤੀ ਤੌਰ ਉੱਤੇ ਇਤਰਾਜ਼ ਦਰਜ ਕਰਵਾਇਆ ਕਿ ਰਜਿਸਟ੍ਰੇਸ਼ਨ ਆਫ਼ ਇਲੈਕਟਰਜ਼ ਰੂਲਜ਼, 1960 ਵਿੱਚ ਸੋਧ ਕੀਤੇ ਬਿਨਾਂ ਕਾਨੂੰਨੀ ਫਾਰਮ ਵਿੱਚ ਤਬਦੀਲੀ ਨਹੀਂ ਕੀਤੀ ਜਾ ਸਕਦੀ। ਸੁਖਬੀਰ ਸਿੰਘ ਸੰਧੂ ਨੇ ਵੀ 19 ਮਈ ਨੂੰ ਇਸ ਨਾਲ ਸਹਿਮਤੀ ਪ੍ਰਗਟਾਈ। ਇਸ ਦੇ ਬਾਵਜੂਦ ਜੁਲਾਈ ਵਿੱਚ ਆਨਲਾਈਨ ਫਾਰਮ ਵਿੱਚ ਇਹ ਸਵਾਲ ਦਿਖਾਈ ਦਿੱਤਾ। 13 ਅਗਸਤ ਨੂੰ ਸੰਧੂ ਨੇ ਇਸ ਨੂੰ ਬਿਨਾਂ ਅਧਿਕਾਰ ਕੀਤੀ ਤਬਦੀਲੀ ਕਰਾਰ ਦਿੰਦਿਆਂ ਹਟਾਉਣ ਦੀ ਮੰਗ ਕੀਤੀ।

ਇੱਥੇ ਕਾਨੂੰਨੀ ਗੁੰਝਲ ਦੀ ਥਾਂ ਸਿੱਧਾ ਸਵਾਲ ਹੈ: ਜੇ ਕਿਸੇ ਨਾਗਰਿਕ ਦੀ ਆਪਣੀ ਉਮਰ, ਨਾਗਰਿਕਤਾ ਅਤੇ ਹੋਰ ਲੋੜੀਂਦੀਆਂ ਸ਼ਰਤਾਂ ਪੂਰੀਆਂ ਹਨ ਤਾਂ ਉਸ ਦੀ ਵੋਟਰ ਬਣਨ ਦੀ ਯੋਗਤਾ ਨੂੰ ਉਸ ਦੇ ਮਾਪਿਆਂ ਜਾਂ ਦਾਦਾ-ਦਾਦੀ ਦੇ ਪੁਰਾਣੇ ਵੋਟਰ ਰਿਕਾਰਡ ਨਾਲ ਕਿੰਨੀ ਹੱਦ ਤੱਕ ਜੋੜਿਆ ਜਾ ਸਕਦਾ ਹੈ? ਪਿਛਲੇ ਰਿਕਾਰਡ ਦੀ ਜਾਂਚ ਕਿਸੇ ਖ਼ਾਸ ਸੰਦਰਭ ਵਿੱਚ ਸਹਾਇਕ ਹੋ ਸਕਦੀ ਹੈ, ਪਰ ਨਵੇਂ ਵੋਟਰ ਉੱਤੇ ਅਜਿਹੀ ਸ਼ਰਤ ਲਾਉਣ ਲਈ ਕਾਨੂੰਨੀ ਆਧਾਰ, ਲੋੜ ਅਤੇ ਨਿਰਪੱਖ ਵਿਧੀ ਸਪੱਸ਼ਟ ਹੋਣੀ ਲਾਜ਼ਮੀ ਹੈ। ਨਵੀਂ ਪੀੜ੍ਹੀ ਨੂੰ ਆਪਣੇ ਪੁਰਖਿਆਂ ਦੇ ਦਸਤਾਵੇਜ਼ੀ ਰਿਕਾਰਡ ਦੀ ਕਮੀ ਕਾਰਨ ਵੋਟ ਦੇ ਹੱਕ ਤੋਂ ਵਾਂਝਾ ਹੋਣ ਦਾ ਡਰ ਨਹੀਂ ਹੋਣਾ ਚਾਹੀਦਾ।

ਤੇਰਾਂ ਕਰੋੜ ਨਾਂ: ਅੰਕੜੇ ਦੇ ਪਿੱਛੇ ਇਨਸਾਨ: ਵਿਸ਼ੇਸ਼ ਗਹਿਰੀ ਸੁਧਾਈ, ਜਿਸ ਨੂੰ ਅੰਗਰੇਜ਼ੀ ਵਿੱਚ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸ ਆਈ ਆਰ) ਕਿਹਾ ਜਾਂਦਾ ਹੈ, ਦਾ ਮਕਸਦ ਵੋਟਰ ਸੂਚੀਆਂ ਨੂੰ ਸਹੀ ਕਰਨਾ ਹੈ। ਮਰੇ ਹੋਏ ਵਿਅਕਤੀਆਂ, ਦੋਹਰੀਆਂ ਦਰਜਾਂ ਅਤੇ ਪੱਕੇ ਤੌਰ ਉੱਤੇ ਰਿਹਾਇਸ਼ ਬਦਲ ਚੁੱਕੇ ਲੋਕਾਂ ਦੀਆਂ ਗ਼ਲਤ ਦਰਜਾਂ ਨੂੰ ਹਟਾਉਣਾ ਲੋੜੀਂਦਾ ਹੈ। ਪਰ ਇਸ ਪ੍ਰਕਿਰਿਆ ਦੀ ਕਾਮਯਾਬੀ ਸਿਰਫ਼ ਕੱਟੇ ਗਏ ਨਾਵਾਂ ਦੀ ਗਿਣਤੀ ਨਾਲ ਨਹੀਂ ਮਾਪੀ ਜਾ ਸਕਦੀ।

ਸਤੰਬਰ 2026 ਵਿੱਚ ਸਾਹਮਣੇ ਆਏ ਅੰਕੜਿਆਂ ਅਨੁਸਾਰ, ਤੀਹ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਖਰੜਾ ਵੋਟਰ ਸੂਚੀਆਂ ਵਿੱਚੋਂ ਲਗਭਗ 13.37 ਕਰੋੜ ਨਾਂ ਘਟੇ ਸਨ। ਇਹ ਪਹਿਲਾਂ ਦਰਜ ਕੁੱਲ ਵੋਟਰਾਂ ਦਾ ਲਗਭਗ 14.1 ਫ਼ੀਸਦੀ ਬਣਦਾ ਸੀ। ਦਿੱਲੀ ਵਿੱਚ ਕਮੀ 32.8 ਫ਼ੀਸਦੀ ਅਤੇ ਮਹਾਰਾਸ਼ਟਰ ਵਿੱਚ 21.1 ਫ਼ੀਸਦੀ ਦਰਜ ਕੀਤੀ ਗਈ। ਇਹ ਅੰਕੜੇ ਅੰਤਿਮ ਤੌਰ ਉੱਤੇ ਗ਼ਲਤ ਨਾਂ ਕੱਟੇ ਜਾਣ ਦਾ ਸਬੂਤ ਨਹੀਂ ਹਨ, ਕਿਉਂਕਿ ਖਰੜਾ ਸੂਚੀ ਤੋਂ ਬਾਅਦ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦਾ ਮੌਕਾ ਹੁੰਦਾ ਹੈ। ਪਰ ਇਨੀ ਵੱਡੀ ਗਿਣਤੀ ਆਪਣ



ਤਰਕਸ਼ੀਲ ਸੁਸਾਇਟੀ ਦੀ ਪਟਿਆਲਾ ਇਕਾਈ ਨੇ ਲੋਕਾਂ ਵਿਚ ਵੱਧ ਰਹੇ ਅੰਧਵਿਸ਼ਵਾਸਾਂ ਬਾਰੇ ਚਿੰਤਾ ਜਤਾਈ



ਪਟਿਆਲਾ, 16 ਨਵੰਬਰ
-ਛਤਰਪਾਲ ਸਿੰਘ-

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇਕ ਅਹਿਮ ਮੀਟਿੰਗ ਬੰਗ ਮੰਡੀਆ ਕੰਪਲੈਕਸ ਵਿੱਚ ਹੋਈ। ਜਿਸ ਦੀ ਪ੍ਰਧਾਨਗੀ ਇਕਾਈ ਦੇ ਵਿੱਤ ਵਿਭਾਗ ਮੁਖੀ ਸ੍ਰੀ ਸ਼ਤੀਸ਼ ਕੁਮਾਰ ਆਲੋਵਾਲ ਨੇ ਕੀਤੀ ਅਤੇ ਇਕਾਈ ਦੇ ਮੀਡੀਆ ਮੁਖੀ ਜਾਗਨ ਸਿੰਘ ਨੇ ਮੀਟਿੰਗ ਵਿੱਚ ਵਿਚਾਰੇ ਗਏ ਅਹਿਮ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸਮਾਜ ਵਿਚ ਦਿਨ -ਬ -ਦਿਨ ਅੰਧਵਿਸ਼ਵਾਸ ਵੱਧ ਰਹੇ ਹਨ ਜਿਸ ਦੀ ਸਹੀ ਨਿਸ਼ਾਨਦੇਹੀ ਕਰਕੇ ਉਸ ਦਾ ਸਹੀ ਹੱਲ ਸੁਸਾਇਟੀ ਨੂੰ ਪੇਸ਼ ਕਰਨਾ ਚਾਹੀਦਾ ਹੈ। ਮੀਟਿੰਗ ਵਿਚ ਤਰਕਸ਼ੀਲ ਆਗੂਆਂ ਨੇ ਕਿਹਾ ਕਿ ਜਦੋਂ ਵੀ ਧਾਰਮਿਕ ਕੱਟੜਵਾਦ ਵੱਧਦਾ ਹੈ ਲੋਕ ਬਹੁਤ ਸਾਰੇ ਕਰਮਕਾਂਡ ਕਰਨ ਲੱਗਦੇ ਹਨ ਤੇ ਜਿਸ ਨਾਲ ਕਿਸੇ ਵੀ ਸਮਾਜ ਦਾ ਭਵਿੱਖ ਤਬਾਹ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿਚ ਵਿਗਿਆਨਕ ਸੋਚ ਵਿਕਸਤ ਕਰਨ ਲਈ ਵੀ ਉਪਰਾਲੇ ਕਰਨ ਦੀ ਬੇਹੱਦ ਲੋੜ ਹੈ। ਉਨ੍ਹਾਂ ਪਟਿਆਲਾ ਦੇ ਸਕੂਲਾਂ ਵਿਚ ਇਮਤਿਹਾਨਾਂ ਤੋਂ ਬਾਅਦ ਵਿਦਿਆਰਥੀ ਪਰਖ਼ ਪ੍ਰਿਖਿਆ ਲੈਣ ਦੀ ਮੁਹਿੰਮ ਸ਼ੁਰੂ ਕਰਨ ਲਈ ਵੀ ਨਵਾਂ ਪ੍ਰੋਗਰਾਮ ਉਲੀਕਿਆ ਹੈ। ਇਸ ਮੌਕੇ ਪਟਿਆਲਾ ਜੋਨ ਦੀ ਜਥੇਬੰਦ ਆਗੂ ਬੀਬੀ ਕੁਲਵੰਤ ਕੌਰ ਨੇ ਤਰਕਸ਼ੀਲ ਮੈਗਜੀਨ ਅਤੇ ਹਿੰਦੀ ਦਾ ਤਰਕਸੀ ?ਲ ਪੱਥ ਦੇ ਨਵੰਬਰ ਦਸੰਬਰ ਅੰਕ ਪਾਠਕਾਂ ਨੂੰ ਪੱਜਦਾ ਕਰਨ ਹਿੱਤ ਮੈਂਬਰਾਂ ਨੂੰ ਵੰਡੇ। ਇਸ ਮੀਟਿੰਗ ਵਿੱਚ ਤਰਕਸ਼ੀਲ ਮੈਂਬਰ ਸ੍ਰੀ ਰਾਮ ਸਿੰਘ ਬੰਗ, ਰਾਮ ਕੁਮਾਰ ਢੱਕੜਬਾ, ਪ੍ਰੋਫੈਸਰ ਪੂਰਨ ਸਿੰਘ, ਤਰਸੇਮ ਲਾਲ, ਥਾਨ ਸਿੰਘ ਜੇ,ਈ, ਗੁਰਬਚਨ ਸਿੰਘ, ਪਵਨ ਸਿੰਘ ਨੇ ਵੀ ਸ਼ਮੂਲੀਅਤ ਕੀਤੀ।

ਇਸ ਇਕੱਤਰਤਾ ਵਿੱਚ ਸੁਸਾਇਟੀ ਦਾ ਘੇਰਾ ਹੋਰ ਵਿਕਸਤ ਕਰਨ ਲਈ ਸਾਰੇ ਮੈਂਬਰਾਂ ਨੇ ਆਪਣੇ ਆਪਣੇ ਸੁਝਾਅ ਦਿੱਤੇ। ਜਿਸ ਵਿਚ ਆਪਣੀਆਂ ਹਮ ਖਿਆਲੀ ਜੱਥੇਬੰਦੀਆਂ ਦੀਆਂ ਸਰਗਰਮੀਆਂ ਵਿਚ ਸ਼ਿਰਕਤ ਕਰਨ ਲਈ ਹਾਮੀ ਭਰੀ ਗਈ। ਸੁਸਾਇਟੀ ਦੇ ਮੈਂਬਰਾਂ ਅਤੇ ਹਮਦਰਦਾਂ ਵਿਚ ਤਾਲਮੇਲ ਵਧਾਉਣ ਲਈਤਿੰਨ ਮਹੀਨਿਆਂ ਵਿਚ ਇਕ ਪਰਿਵਾਰਕ ਮਿਲਣੀ ਕਰਨ ਲਈ ਵੀ ਮਤਾ ਪਾਸ ਕੀਤਾ ਗਿਆ।

ਸਾਲ 2027 ਵਿੱਚ ਆਪ ਦੀ ਚੋਣ ਮੁਹਿੰਮ ਨਾਗਰਿਕ ਕੇਂਦਰਿਤ ਹੋਵੇਗੀ, ਲੋਕ ਭਲਾਈ ਅਤੇ ਪੰਜਾਬ ਦੀ ਤਰੱਕੀ ਨੂੰ ਪਹਿਲ ਦਿੱਤੀ ਜਾਵੇਗੀ : ਭਗਵੰਤ ਸਿੰਘ ਮਾਨ



ਤਰਨਤਾਰਨ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਦੇ ਏਜੰਡੇ ਅਤੇ ਪਿਛਲੀਆਂ ਸਰਕਾਰਾਂ ਦੀ ਰਾਜਨੀਤੀ ਵਿਚਕਾਰ ਸਪੱਸ਼ਟ ਫਰਕ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਸਿਆਸੀ ਵਿਵਾਦਾਂ ਦੀ ਬਜਾਏ ਲੋਕ ਭਲਾਈ, ਵਿਕਾਸ ਅਤੇ ਠੋਸ ਨਤੀਜਿਆਂ ਦੇ ਆਧਾਰ @ਤੇ ਲੜੀਆਂ ਜਾਣਗੀਆਂ।

ਪੱਟੀ ਵਿਧਾਨ ਸਭਾ ਹਲਕੇ ਦੇ ਪਿੰਡ ਸਭਰਾ ਵਿਖੇ ਕਰਵਾਈ @ਲੋਕ ਮਿਲਣੀ@ ਦੌਰਾਨ ਉਨ੍ਹਾਂ ਨੇ ਖੇਤੀਬਾੜੀ ਵਿੱਚ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ, ਜਿਸ ਵਿੱਚ ਨਹਿਰੀ ਪਾਣੀ ਦੀ ਵਰਤੋਂ ਨੂੰ 22 ਫ਼ੀਸਦ ਤੋਂ ਵਧਾ ਕੇ 88 ਫ਼ੀਸਦ ਕਰਨਾ ਅਤੇ 14,000 ਕਿਲੋਮੀਟਰ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਉਣਾ ਸ਼ਾਮਲ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਆਈਏਐਸ ਅਤੇ ਆਈਪੀਐਸ ਅਧਿਕਾਰੀ ਬਣਨ ਵਿੱਚ ਮਦਦ ਕਰਨ ਲਈ ਮੁਫ਼ਤ ਯੂਪੀਐਸਸੀ ਕੋਚਿੰਗ ਕੇਂਦਰ ਖੋਲ੍ਹਣ ਦਾ ਐਲਾਨ ਵੀ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਤਰਜੀਹ ਪੰਜਾਬ ਦੇ ਅੰਦਰ ਰੁਜ਼ਗਾਰ ਅਤੇ ਸਿੱਖਿਆ ਦੇ ਮੌਕੇ ਪੈਦਾ ਕਰਨਾ ਹੈ ਤਾਂ ਜੋ ਇੱਥੋਂ ਦੇ ਨੌਜਵਾਨਾਂ ਨੂੰ ਵਿਦੇਸ਼ ਜਾਣ ਲਈ ਮਜਬੂਰ ਨਾ ਹੋਣਾ ਪਵੇ। ਉਨ੍ਹਾਂ ਨੇ @ਜਾਗਤ ਜੋਤ ਸਤਿਕਾਰ ਸੋਧ ਐਕਟ@ ਰਾਹੀਂ ਧਾਰਮਿਕ ਭਾਵਨਾਵਾਂ ਦੀ ਰਾਖੀ ਕਰਨ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ ਅਤੇ ਭਰੋਸਾ ਪ੍ਰਗਟਾਇਆ ਕਿ ਮਾਝੇ ਦੇ ਲੋਕ 2027 ਵਿੱਚ @ਆਪ@ ਨੂੰ ਵੱਡਾ ਜਨਤਕ ਫਤਵਾ ਦੇਣਗੇ।

@ਲੋਕ ਮਿਲਣੀ@ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਹੁਣ ਸਮਾਂ ਆ ਗਿਆ ਹੈ ਕਿ ਸਿਆਸੀ ਵਿਵਾਦਾਂ ਅਤੇ ਬਿਆਨਬਾਜ਼ੀ ਤੋਂ ਉੱਪਰ ਉੱਠ ਕੇ ਲੋਕ ਭਲਾਈ ਅਤੇ ਪੰਜਾਬ ਦੀ ਤਰੱਕੀ @ਤੇ ਧਿਆਨ ਦਿੱਤਾ ਜਾਵੇ। @ਲੋਕ ਮਿਲਣੀ@ ਕੋਈ ਸਿਆਸੀ ਰੈਲੀ ਨਹੀਂ, ਸਗੋਂ ਲੋਕਾਂ ਦੇ ਜੀਵਨ, ਉਨ੍ਹਾਂ ਦੀਆਂ ਚਿੰਤਾਵਾਂ ਅਤੇ ਉਮੀਦਾਂ ਬਾਰੇ ਚਰਚਾ ਕਰਨ ਦਾ ਇੱਕ ਜ਼ਰੀਆ ਹੈ। ਮੈਂ ਇੱਥੋਂ ਦੇ ਵਸਨੀਕਾਂ, ਖਾਸ ਕਰਕੇ ਸਾਡੀਆਂ ਮਾਵਾਂ-ਭੈਣਾਂ ਦਾ ਧੰਨਵਾਦੀ ਹਾਂ ਜੋ ਇੰਨੀ ਵੱਡੀ ਗਿਣਤੀ ਵਿੱਚ ਇੱਥੇ ਪਹੁੰਚੀਆਂ ਹਨ। ਉਨ੍ਹਾਂ ਦਾ ਪਿਆਰ ਅਤੇ ਸਮਰਥਨ ਮੈਨੂੰ ਪੰਜਾਬ ਲਈ ਹੋਰ ਸਖ਼ਤ ਮਿਹਨਤ ਕਰਨ ਦੀ ਤਾਕਤ ਦਿੰਦਾ ਹੈ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਦਾ ਧਿਆਨ ਸਿੱਖਿਆ ਅਤੇ ਅਗਲੀ ਪੀੜ੍ਹੀ ਨੂੰ ਸਮਰੱਥ ਬਣਾਉਣ @ਤੇ ਕੇਂਦਰਿਤ ਹੈ। ਸਾਨੂੰ ਹੋਰ ਕਾਲਜਾਂ, ਯੂਨੀਵਰਸਿਟੀਆਂ ਅਤੇ ਬਿਹਤਰ ਵਿਦਿਅਕ ਮੌਕਿਆਂ ਦੀ ਲੋੜ ਹੈ ਤਾਂ ਜੋ ਸਾਡੇ ਬੱਚੇ ਗੈਂਗਸ ਭਵਿੱਖ ਬਣਾ ਸਕਣ। ਲੋਕਾਂ ਵੱਲੋਂ ਇੱਕ ਕਾਲਜ ਅਤੇ ਇੱਕ ਮੈਡੀਕਲ ਕਾਲਜ ਦੀ ਕੀਤੀ ਗਈ ਮੰਗ ਨੂੰ ਜਲਦ ਹੀ ਪੂਰਾ ਕੀਤਾ ਜਾਵੇਗਾ। ਅਸੀਂ ਮੁਫ਼ਤ ਯੂਪੀਐਸਸੀ ਕੋਚਿੰਗ ਕੇਂਦਰ ਵੀ ਸਥਾਪਤ ਕਰਾਂਗੇ ਤਾਂ ਜੋ ਆਮ ਪਰਿਵਾਰਾਂ ਦੇ ਬੱਚੇ ਸਿਵਲ ਸੇਵਾਵਾਂ ਦੀਆਂ ਪ੍ਰੀਖਿਆਵਾਂ ਲਈ ਤਿਆਰੀ ਕਰ ਸਕਣ ਅਤੇ ਆਈਏਐਸ ਅਤੇ ਆਈਪੀਐਸ ਅਧਿਕਾਰੀ ਬਣ ਸਕਣ।

ਉਨ੍ਹਾਂ ਕਿਹਾ, ਪਹਿਲਾਂ, ਕਿਸਾਨਾਂ ਨੂੰ ਆਪਣੀਆਂ ਫਸਲਾਂ ਨੂੰ ਪਾਣੀ ਦੇਣ ਲਈ ਰਾਤ ਵੇਲੇ ਖੇਤਾਂ ਵਿੱਚ ਜਾਣਾ ਪੈਂਦਾ ਸੀ, ਜਿੱਥੇ ਉਨ੍ਹਾਂ ਨੂੰ ਕੜਾਕੇ ਦੀ ਠੰਡ ਅਤੇ ਸੱਪ ਦੇ ਡੰਗਣ ਵਰਗੇ ਖ਼ਤਰਿਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਅਸੀਂ ਕਿਸਾਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ 6 ਵਜੇ ਤੱਕ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾ ਕੇ ਇਸ ਸਥਿਤੀ ਨੂੰ ਬਦਲ ਦਿੱਤਾ ਹੈ। ਹੁਣ ਸਾਡੇ ਕਿਸਾਨ ਆਪਣੀ ਜਾਨ ਨੂੰ ਜ਼ੋਖਮ ਵਿੱਚ ਪਾਏ ਬਿਨਾਂ ਦਿਨ ਵੇਲੇ ਆਪਣੇ ਖੇਤਾਂ ਨੂੰ ਪਾਣੀ ਦੇ ਸਕਦੇ ਹਨ। ਚੰਗੇ ਸ਼ਾਸਨ ਦਾ ਅਰਥ ਹੈ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਵਿਹਾਰਕ ਹੱਲ ਲੱਭਣਾ ਅਤੇ ਸਾਡੀ ਸਰਕਾਰ ਬਿਲਕੁਲ ਇਹੀ ਕਰ ਰਹੀ ਹੈ। ਪੰਜਾਬ ਦੇ ਸਿੰਚਾਈ ਢਾਂਚੇ ਵਿੱਚ ਆਈ ਤਬਦੀਲੀ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਪੂਰੇ ਪੰਜਾਬ ਵਿੱਚ ਲਗਭਗ 14,000 ਕਿਲੋਮੀਟਰ ਲੰਬੀਆਂ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਈਆਂ ਹਨ ਅਤੇ ਅਗਲੇ ਛੇ ਮਹੀਨਿਆਂ ਵਿੱਚ 6,000 ਕਿਲੋਮੀਟਰ ਹੋਰ ਪਾਈਪਲਾਈਨਾਂ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਸਾਡੀ ਸਰਕਾਰ ਦੇ ਸੱਤਾ ਸੰਭਾਲਣ ਤੋਂ ਪਹਿਲਾਂ ਨਹਿਰੀ ਪਾਣੀ ਦੀ ਵਰਤੋਂ ਸਿਰਫ਼ 22 ਫੀਸਦੀ ਸੀ, ਜੋ ਹੁਣ ਚਾਰ ਸਾਲਾਂ ਵਿੱਚ ਵੱਧ ਕੇ 88 ਫੀਸਦੀ ਹੋ ਗਈ ਹੈ। ਇਸ ਨਾਲ ਕਿਸਾਨਾਂ ਲਈ ਨਹਿਰੀ ਪਾਣੀ ਦੀ ਉਪਲਬਧਤਾ ਵਧੀ ਹੈ ਅਤੇ ਧਰਤੀ ਹੇਠਲੇ ਪਾਣੀ @ਤੇ ਸਾਡੀ ਨਿਰਭਰਤਾ ਘਟੀ ਹੈ।

@ਮਾਵਾਂ-ਧੀਆਂ ਸਤਿਕਾਰ ਯੋਜਨਾ@ ਬਾਰੇ ਚਰਚਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਇਸ ਯੋਜਨਾ ਤਹਿਤ ਦਿੱਤੀ ਜਾਣ ਵਾਲੀ ਮਹੀਨਾਵਾਰ ਵਿੱਤੀ ਸਹਾਇਤਾ, ਔਰਤਾਂ ਦੇ ਯੋਗਦਾਨ ਪ੍ਰਤੀ ਸਤਿਕਾਰ ਅਤੇ ਮਾਨਤਾ ਪ੍ਰਗਟਾਉਣ ਦਾ ਜ਼ਰੀਆ ਹੈ। ਸਾਡਾ ਮਕਸਦ ਔਰਤਾਂ ਨੂੰ ਅਮੀਰ ਬਣਾਉਣਾ ਨਹੀਂ, ਸਗੋਂ ਉਨ੍ਹਾਂ ਦੀ ਵੱਡਮੁੱਲੀ ਭੂਮਿਕਾ ਨੂੰ ਮਾਨਤਾ ਦੇਣਾ ਅਤੇ ਉਨ੍ਹਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਔਰਤਾਂ ਨੇ ਸਾਨੂੰ ਦੱਸਿਆ ਹੈ ਕਿ ਉਹ ਇਸ @ਸਨਮਾਨ ਰਾਸ਼ੀ@ ਦੀ ਵਰਤੋਂ ਘਰੇਲੂ ਲੋੜਾਂ, ਵਾਟਰ ਪਿਊਰੀਫਾਇਰ, ਆਪਣੇ ਬੱਚਿਆਂ ਦੀ ਪੜ੍ਹਾਈ ਅਤੇ ਆਪਣੇ ਪੋਤੇ-ਪੋਤੀਆਂ/ ਦੋਹਤੇ-ਦੋਹਤੀਆਂ ਲਈ ਤੋਹਫ਼ੇ ਖਰੀਦਣ ਵਾਸਤੇ ਕਰ ਰਹੀਆਂ ਹਨ। ਇਹ ਇੱਕ ਅਜਿਹੀ ਸਾਰਥਕ ਸਹਾਇਤਾ ਹੈ ਜੋ ਪਰਿਵਾਰਾਂ ਨੂੰ ਮਜ਼ਬੂਤ ਬਣਾਉਂਦੀ ਹੈ।

ਪਿਛਲੀਆਂ ਸਰਕਾਰਾਂ @ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ ਕਿਹਾ, ÷ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਵਾਰੋ-ਵਾਰੀ ਪੰਜਾਬ @ਤੇ ਰਾਜ ਕੀਤਾ, ਪਰ ਕਦੇ ਵੀ ਇੱਥੋਂ ਦੇ ਲੋਕਾਂ ਦੇ ਹਿੱਤ ਵਿੱਚ ਕੰਮ ਨਹੀਂ ਕੀਤਾ। ਸਿਆਸੀ ਪਰਿਵਾਰਾਂ ਨੇ ਮਾਝਾ ਖੇਤਰ ਦਾ ਆਰਥਿਕ ਅਤੇ ਧਾਰਮਿਕ ਸ਼ੋਸ਼ਣ ਕੀਤਾ, ਜਿਸ ਕਾਰਨ ਇੱਥੋਂ ਦੇ ਲੋਕ ਪੀੜ੍ਹੀਆਂ ਤੱਕ ਦੁੱਖ ਝੱਲਦੇ ਰਹੇ। ਅੱਜ, ਮਾਝੇ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਖੜ੍ਹੇ ਹਨ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਇਹ ਖੇਤਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ @ਆਪ@ ਨੂੰ ਭਾਰੀ ਜਨਤਕ ਫਤਵਾ ਦੇਵੇਗਾ।ਅਕਾਲੀ ਲੀਡਰਸ਼ਿਪ @ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਬਾਦਲ ਪਰਿਵਾਰ ਨੇ ਵਾਰ-ਵਾਰ ਆਪਣੇ ਸਿਆਸੀ ਹਿੱਤਾਂ ਲਈ ਧਰਮ ਦੀ ਵਰਤੋਂ ਕੀਤੀ। ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਕਰਨ ਵਿੱਚ ਅਸਫਲ ਰਿਹਾ। ਸਵਾਲ ਇਹ ਹੈ ਕਿ ਪਿਛਲੇ ਲਗਭਗ 15 ਸਾਲਾਂ ਤੋਂ ਐਸ.ਜੀ.ਪੀ.ਸੀ. (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਦੀਆਂ ਚੋਣਾਂ ਕਿਉਂ ਨਹੀਂ ਕਰਵਾਈਆਂ ਗਈਆਂ ?

ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ



ਪਟਿਆਲਾ, 16 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਆਪਣੇ ਸਾਥੀਆਂ ਸਮੇਤ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਸਾਹਿਬ, ਬਹਾਦਰਗੜ੍ਹ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਸਮੁੱਚੀ ਸੰਗਤ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਚੰਦੂਮਾਜਰਾ ਦੇ ਨਾਲ ਉਨ੍ਹਾਂ ਦੇ ਸਾਥੀ ਵੀ ਮੌਜੂਦ ਸਨ। ਗੁਰਦੁਆਰਾ ਸਾਹਿਬ ਵਿਖੇ ਉਨ੍ਹਾਂ ਨੇ ਗੁਰਬਾਣੀ ਨਾਲ ਜੁੜ ਕੇ ਆਤਮਿਕ ਸ਼ਾਂਤੀ ਦਾ ਅਨੁਭਵ ਕੀਤਾ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸੱਚ, ਸੇਵਾ, ਸਿਮਰਨ, ਤਿਆਗ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਮਹੱਤਤਾ ਨੂੰ ਯਾਦ ਕੀਤਾ। ਜ਼ਿਕਰਯੋਗ ਹੈ ਕਿ ਗੁਰਦੁਆਰਾ ਪਾਤਸ਼ਾਹੀ ਨੌਵੀਂ ਸਾਹਿਬ, ਬਹਾਦਰਗੜ੍ਹ ਦਾ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਸਥਾਨ ਹੈ।

ਇਹ ਪਵਿੱਤਰ ਅਸਥਾਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਰਨਛੋਹ ਪ੍ਰਾਪਤ ਹੈ। ਇਤਿਹਾਸਕ ਵੇਰਵਿਆਂ ਅਨੁਸਾਰ ਗੁਰੂ ਸਾਹਿਬ ਨੇ ਇਸ ਅਸਥਾਨ 'ਤੇ ਦੋ ਵਾਰ ਆਗਮਨ ਕੀਤਾ ਸੀ। ਇਸ ਸਥਾਨ ਦਾ ਸਬੰਧ ਨਵਾਬ ਸੈਫਦੀਨ (ਬਾਬਾ ਸੈਫ ਖਾਂ) ਨਾਲ ਵੀ ਜੁੜਿਆ ਹੋਇਆ ਹੈ, ਜੋ ਗੁਰੂ ਸਾਹਿਬ ਦੇ ਸ਼ਰਧਾਲੂ ਸਨ। ਇਹ ਗੁਰਦੁਆਰਾ ਸਾਹਿਬ ਸਿੱਖ ਧਰਮ ਦੀਆਂ ਮਹਾਨ ਇਤਿਹਾਸਕ ਯਾਦਾਂ, ਗੁਰੂ ਸਾਹਿਬ ਦੀ ਵਿਚਾਰਧਾਰਾ ਅਤੇ ਸਰਬ-ਸਾਂਝੀਵਾਲਤਾ ਦੇ ਸੰਦੇਸ਼ ਦਾ ਪ੍ਰਤੀਕ ਹੈ। ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਦੂਜਿਆਂ ਦੇ ਧਰਮ ਦੀ ਰੱਖਿਆ ਲਈ ਆਪਣਾ ਮਹਾਨ ਬਲੀਦਾਨ ਦਿੱਤਾ। ਚੰਦੂਮਾਜਰਾ ਦੀ ਇਸ ਗੁਰੂ ਘਰ ਵਿਖੇ ਹਾਜ਼ਰੀ ਨੇ ਧਾਰਮਿਕ ਸ਼ਰਧਾ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੁੜਨ ਦਾ ਸੰਦੇਸ਼ ਦਿੱਤਾ।

ਸੀ ਟੀ ਯੂਨੀਵਰਸਿਟੀ ਵੱਲੋਂ ਰਿਲਾਇੰਸ ਐਨੀਮੇਸ਼ਨ ਅਕੈਡਮੀ ਨਾਲ ਸਾਂਝੇਦਾਰੀ, ਸਿਨੇਮੈਟਿਕ ਆਰਟਸ ਤੇ ਵੀਐਫਐਕਸ ਵਿੱਚ ਸ਼ੁਰੂ ਹੋਵੇਗਾ ਬੀ.ਐੱਸ.ਸੀ. ਪ੍ਰੋਗਰਾਮ



ਲੁਧਿਆਣਾ, 15 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੀਟੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕੀ ਅਤੇ ਰਚਨਾਤਮਕ ਖੇਤਰਾਂ ਵਿੱਚ ਰੋਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਰਿਲਾਇੰਸ ਐਨੀਮੇਸ਼ਨ ਅਕੈਡਮੀ ਨਾਲ ਸਾਂਝੇਦਾਰੀ ਕੀਤੀ ਗਈ ਹੈ। ਇਸ ਤਹਿਤ ਸਿਨੇਮੈਟਿਕ ਆਰਟਸ, ਐਨੀਮੇਸ਼ਨ ਅਤੇ ਵਿਜ਼ੂਅਲ ਇਫੈਕਟਸ (VFX) ਵਿੱਚ ਬੀ.ਐੱਸ.ਸੀ. ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕੀ ਅਤੇ ਰਚਨਾਤਮਕ ਖੇਤਰਾਂ ਵਿੱਚ ਰੋਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਰਿਲਾਇੰਸ ਐਨੀਮੇਸ਼ਨ, ਫ਼ਿਲਮ ਨਿਰਮਾਣ, ਗੇਮਿੰਗ ਅਤੇ ਡਿਜੀਟਲ ਕੰਟੈਂਟ ਕ੍ਰੀਏਸ਼ਨ ਵਰਗੇ ਖੇਤਰਾਂ ਵਿੱਚ ਉਦਯੋਗ ਆਧਾਰਿਤ ਸਿੱਖਿਆ ਅਤੇ ਵਿਹਾਰਕ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਉਹ ਪੇਸ਼ੇਵ

ਨਾਭਾ 'ਚ ਆਜ਼ਾਦ ਵੈਲਫੇਅਰ ਐਂਡ ਸਪੋਰਟਸ ਕਲੱਬ ਦਾ ਅੱਠਵਾਂ ਕਬੱਡੀ ਕੱਪ ਸ਼ਾਨੋ-ਸ਼ੌਕਤ ਨਾਲ ਸੰਪੰਨ, ਹਰਭਜਨ ਮਾਨ ਦੇ ਗੀਤਾਂ ਨੇ ਬੰਨ੍ਹਿਆ ਰੰਗ

ਨਾਭਾ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨਾਭਾ ਦੇ ਸਥਾਨਕ ਰਿਪੁਦਮਨ ਕਾਲਜ ਦੇ ਸਟੇਡੀਅਮ ਵਿਖੇ ਆਜ਼ਾਦ ਵੈਲਫੇਅਰ ਐਂਡ ਸਪੋਰਟਸ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅੱਠਵਾਂ ਕਬੱਡੀ ਕੱਪ ਬੜੀ ਧੂਮਧਾਮ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਆਮ ਆਦਮੀ ਪਾਰਟੀ ਦੇ ਆਗੂ ਅਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਖੇਡ ਮੇਲੇ ਵਿੱਚ ਪੰਜਾਬ ਸਰਕਾਰ ਦੇ ਦੋ ਕੈਬਨਿਟ ਮੰਤਰੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਕਬੱਡੀ ਟੂਰਨਾਮੈਂਟ ਵਿੱਚ ਪੰਜਾਬ ਦੇ ਕਈ ਨਾਮਵਰ ਕਬੱਡੀ ਖਿਡਾਰੀਆਂ ਨੇ ਆਪਣੀ ਖੇਡ ਦੇ ਜੌਹਰ ਦਿਖਾਏ ਅਤੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਖੇਡ ਮੁਕਾਬਲਿਆਂ ਦੇ ਨਾਲ-ਨਾਲ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਵਿਸ਼ਾਲ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਗਾਇਕ ਹਰਭਜਨ ਮਾਨ ਸਮੇਤ ਕਈ ਹੋਰ ਨਾਮੀ ਕਲਾਕਾਰਾਂ ਨੇ ਆਪਣੀ ਗਾਇਕੀ ਨਾਲ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਸ ਸੱਭਿਆਚਾਰਕ ਮੇਲੇ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪ੍ਰੀਤ ਕੰਬਾਈਨ ਦੇ ਐਮ.ਡੀ. ਹਰੀ ਸਿੰਘ ਪ੍ਰੀਤ, ਮਲਕੀਤ ਕੰਬਾਈਨ ਦੇ ਐਮ.ਡੀ. ਚਰਨ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਲੀਗਲ ਸੈੱਲ ਦੀ ਅਗਵਾਈ ਕਰ ਰਹੇ ਐਡਵੋਕੇਟ ਗਿਆਨ ਮਗੋ ਵੀ ਪਹੁੰਚੇ। ਉਨ੍ਹਾਂ ਨੇ ਜੱਸੀ ਸੋਹੀਆਂ ਵਾਲਾ ਅਤੇ ਸਮੁੱਚੀ ਕਲੱਬ ਟੀਮ ਵੱਲੋਂ ਖੇਡਾਂ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਅਤੇ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਜੱਸੀ ਸੋਹੀਆਂ ਵਾਲਾ ਵੱਲੋਂ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਭਰਪੂਰ ਸ਼ਲਾਘਾ ਕੀਤੀ। ਇਸ ਤਰ੍ਹਾਂ ਅੱਠਵਾਂ ਕਬੱਡੀ ਕੱਪ ਖੇਡਾਂ, ਸੱਭਿਆਚਾਰ ਅਤੇ ਮਨੋਰੰਜਨ ਦਾ ਸ਼ਾਨਦਾਰ ਸੁਮੇਲ ਬਣ ਕੇ ਯਾਦਗਾਰੀ ਹੋ ਨਿਬੜਿਆ।

ਹਾਕ ਆਈ ਕ੍ਰਿਕਟ ਕਲੱਬ ਵੱਲੋਂ ਪਹਿਲਾ ਖੂਨਦਾਨ ਕੈਂਪ ਲਗਾਇਆ



ਮੋਰਿੰਡਾ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਿੰਡ ਸ਼ਿਆਮਪੁਰਾ ਵਿਖੇ ਹਾਕ ਆਈ ਕ੍ਰਿਕਟ ਕਲੱਬ ਵੱਲੋਂ ਪਹਿਲਾ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਲੋਕਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਕੈਂਪ ਦੌਰਾਨ 30 ਯੂਨਿਟ ਖੂਨ ਇਕੱਠਾ ਹੋਇਆ।

ਕਲੱਬ ਵੱਲੋਂ ਪ੍ਰਧਾਨ ਵਿਰੇਂਦਰ ਸ਼ਰਮਾ, ਸਕੱਤਰ ਅਨਿਲ ਸ਼ਰਮਾ, ਨੇ ਦੱਸਿਆ ਕਿ ਇਸ ਮੌਕੇ ਮੁੱਖ ਮਹਿਮਾਨ ਪਰਵਿੰਦਰ ਸਿੰਘ ਬਲਾਜੀ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਦੇ ਹਮਸਫ਼ਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਨ੍ਹਾਂ ਨਾਲ ਬਲਾਕ ਸੰਮਤੀ ਰੂਪਨਗਰ ਦੇ ਚੇਅਰਮੈਨ ਮਲਕੀਤ ਸਿੰਘ ਭੰਗੂ , ਵਾਈਸ ਚੇਅਰਮੈਨ ਅਮਰੋ, ਸ਼ਿਆਮਪੁਰਾ ਪੰਚ ਪ੍ਰਗਟ ਸਿੰਘ ਲਾਡੀ ਸੰਦੀਪ ਸਿੰਘ ਬਲਾਕ ਸੰਮਤੀ ਮੈਂਬਰ ਅਤੇ ਜ਼ਿਲ੍ਹਾ ਯੂਥ ਵਾਈਸ ਪ੍ਰਧਾਨ ਆਮ ਆਦਮੀ ਪਾਰਟੀ ਵੀ ਹਾਜ਼ਰ ਸਨ। ਜਿਨਾਂ ਵੱਲੋਂ ਖੂਨ ਦਾਨੀਆ ਦਾ ਸਨਮਾਨ ਕੀਤਾ ਗਿਆ ਅਤੇ ਉਹਨਾਂ ਦੀ ਹੌਸਲਾ ਅਫਜਾਈ ਵੀ ਕੀਤੀ ਗਈ।

ਇਸ ਮੌਕੇ ਹੋਰਾਂ ਤੋਂ ਇਲਾਵਾ ਕਲੱਬ ਮੈਂਬਰ ਕਪਤਾਨ ਰੋਹਿਤ ਕੁਮਾਰ, ਰਿਸ਼ਭ ਸ਼ਰਮਾ, ਰਜਵਿੰਦਰ ਰਾਜਾ, ਰਿਤਿਕ ਰਾਣਾ, ਨੂਰ, ਮੰਗਤ, ਸੁਖਵਿੰਦਰ ਸੁੱਖੀ, ਕਾਰਤਿਕ ਸ਼ੁਕਲਾ, ਰਿਸ਼ੂ ਕੁਮਾਰ, ਸਮੀਰੰਜੋਤ, ਕਰਿਸ਼ ਅਤੇ ਸਮੂਹ ਕਲੱਬ ਮੈਂਬਰ ਹਾਜ਼ਰ ਸਨ।

ਸਮੂਹਿਕ ਸਿਹਤ ਕੇਂਦਰ ਦੁਧਨ ਸਾਧਾਂ ਵਿਖੇ 'ਵਿਸ਼ਵ ਸ਼ੂਗਰ ਦਿਵਸ' ਮੌਕੇ ਜਾਗਰੂਕਤਾ ਕੈਂਪ ਆਯੋਜਿਤ

ਦੇਵੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਾ. ਸੈਲੀ ਜੇਤਲੀ ਸਿਵਲ ਸਰਜਨ ਪਟਿਆਲਾ ਜੀ ਅਤੇ ਡਾ. ਨਿਧੀ ਸ਼ਰਮਾ ਸੀਨੀਅਰ ਮੈਡੀਕਲ ਅਫਸਰ ਜੀ ਦੇ ਨਿਰਦੇਸਾਂ ਅਨੁਸਾਰ ਸਮੂਹਿਕ ਸਿਹਤ ਕੇਂਦਰ ਦੁਧਨ ਸਾਧਾਂ ਵਿਖੇ ਵਿਸ਼ਵ ਸੂਗਰ ਦਿਵਸ ਥੀਮ ਸੂਗਰ ਤੇ ਸੂਰੂਆਤੀ ਕਾਰਵਾਈ ਤਹਿਤ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ!



ਇਸ ਮੌਕੇ ਡਾ. ਅਨੁਜ ਬਾਂਸਲ ਮੈਡੀਕਲ ਅਫਸਰ ਨੇ ਦੱਸਿਆ ਕਿ ਹਰ ਸਾਲ 14 ਨਵੰਬਰ ਨੂੰ ਇਨਸੁਲਿਨ ਦੇ ਖੋਜਕਰਤਾ ਸਰ ਫਰੈਡਰਿਕ ਬੈਂਟਿੰਗ ਦੇ ਜਨਮ ਦਿਨ ਦੀ ਯਾਦ ਵਿੱਚ ਵਿਸ਼ਵ ਸ਼ੂਗਰ ਦਿਵਸ ਮਨਾਇਆ ਜਾਂਦਾ ਹੈ। ਇਸ ਸਾਲ 2026 ਲਈ ਅੰਤਰਰਾਸ਼ਟਰੀ ਸ਼ੂਗਰ ਫੈਡਰੇਸ਼ਨ ਅਤੇ ਵਿਸ਼ਵ ਸਿਹਤ ਸੰਗਠਨ ਵੱਲੋਂ ਥੀਮ ਸ਼ੂਗਰ 'ਤੇ ਸ਼ੁਰੂਆਤੀ ਕਾਰਵਾਈ ਰੱਖਿਆ ਗਿਆ ਹੈ। ਉਨਾਂ ਦੱਸਿਆ ਕਿ ਲੋਕਾਂ ਨੂੰ ਪਤਾ ਹੀ ਨਹੀ ਹੁੰਦਾ ਕਿ ਉਨਾਂ ਨੂੰ ਸੂਗਰ ਹੈ ਜਿਸ ਕਾਰਨ ਗੰਭੀਰ ਪੇਚੀਦਗੀਆਂ ਪੈਦਾ ਹੋ ਜਾਂਦੀਆਂ ਹਨ!

ਉਨਾਂ ਸ਼ੂਗਰ ਦੇ ਸ਼ੁਰੂਆਤੀ ਲੱਛਣਾਂ ਜਿਵੇਂ ਕਿ ਵਾਰ-ਵਾਰ ਪਿਆਸ ਲੱਗਣਾ, ਵਾਰ-ਵਾਰ ਪਿਸ਼ਾਬ ਆਉਣਾ, ਜਿਆਦਾ ਥਕਾਵਟ, ਜਖ਼ਮ ਦਾ ਦੇਰ ਨਾਲ ਠੀਕ ਹੋਣਾ ਅਤੇ ਨਜਰ ਦਾ ਧੁੰਦਲਾ ਹੋਣਾ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਗੁਰਵਿੰਦਰ ਸਿੰਘ ਬਲਾਕ ਪਸਾਰ ਸਿਖਿਆਕਾਰ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ 30 ਸਾਲ ਦੀ ਉਮਰ ਤੋਂ ਬਾਅਦ ਸਮੇਂ ਸਮੇਂ ਤੇ ਸ਼ੂਗਰ ਦੀ ਜਾਂਚ ਜ਼ਰੂਰ ਕਰਵਾਓ, ਸੰਤੁਲਿਤ ਖਾਣਾ ਖਾਓ, ਰੋਜ਼ਾਨਾ 30 ਮਿੰਟ ਸੈਰ ਜਰੂਰ ਕਰੋ ਅਤੇ ਜੰਕ ਫੂਡ ਤੋਂ ਪਰਹੇਜ਼ ਕਰੋ। ਲੱਛਣਾਂ ਨੂੰ ਨਜ਼ਰਅੰਦਾਜ਼ ਨਾ ਕਰੋ, ਤੁਰੰਤ ਨੇੜਲੇ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ!

ਇਸ ਮੌਕੇ ਡਾ ਅਮਨਦੀਪ ਸਿੰਘ ਸੋਹਲ ਹੋਮਿਓਪੈਥਿਕ ਮੈਡੀਕਲ ਅਫਸਰ, ਰੁਪਕਿਰਨ ਕੌਰ, ਵਿਨੋਦ ਬਾਂਸਲ ਦੋਵੇਂ ਫਾਰਮੇਸੀ ਅਫਸਰ, ਤੇਜਿੰਦਰ ਕੌਰ, ਬਲਰਾਜ ਕੌਰ ਸਟਾਫ ਨਰਸਿਜ, ਸਿਮਰਨਜੀਤ ਕੌਰ ਓ ਟੀ ਏ, ਹਰਦੀਪ ਸਿੰਘ, ਹਾਰਦਿਕ ਦੋਵੇਂ ਲੈਬੋਰਟਰੀ ਟੈਕਨੀਸੀਅਨ, ਮਨਜੀਤ ਸਿੰਘ ਕੌਂਸਲਰ ਅਤੇ ਮਰੀਜ਼ ਮੌਜੂਦ ਸਨ!

ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ 'ਚ ਵਰਤੀਆਂ ਜਾਣ ਵਾਲੀਆਂ ਈਵੀਐਮਜ ਤੇ ਵੀਵੀਪੈਟ ਮਸ਼ੀਨਾਂ ਦੀ ਪਹਿਲੀ ਜਾਂਚ ਜਾਰੀ

ਪਟਿਆਲਾ, 16 ਨਵੰਬਰ
-ਛਤਰਪਾਲ ਸਿੰਘ-

ਪਟਿਆਲਾ ਦੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਨੇ ਦੱਸਿਆ ਹੈ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵਰਤੀਆਂ ਜਾਣ ਵਾਲੀਆਂ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮ) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੈਟ) ਮਸ਼ੀਨਾਂ ਦੀ ਪਹਿਲੀ ਪੱਧਰੀ ਜਾਂਚ (ਐਫਐਲਸੀ) ਜ਼ਿਲ੍ਹਿਆਂ ਵਿੱਚ ਮਿਤੀ 12 ਨਵੰਬਰ ਤੋਂ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਜ਼ਿਲ੍ਹਾ ਚੋਣ ਅਧਿਕਾਰੀਆਂ ਦੀ ਨਿਗਰਾਨੀ ਹੇਠ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਦੌਰਾਨ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੀ ਹਾਜ਼ਰ ਰਹਿਣ ਅਤੇ ਪੂਰੀ ਪ੍ਰਕਿਰਿਆ ਦੇ ਗਵਾਹ ਬਣਨ ਦਾ ਮੌਕਾ ਦਿੱਤਾ ਜਾ ਰਿਹਾ ਹੈ।

ਇਸ ਸਬੰਧੀ ਸਿਆਸੀ ਪਾਰਟੀਆਂ ਨੂੰ ਆਪਣੇ ਅਧਿਕਾਰਤ ਨੁਮਾਇੰਦੇ ਨਾਮਜ਼ਦ ਕਰਨ ਲਈ ਵੀ ਅਪੀਲ ਕੀਤੀ ਗਈ ਹੈ, ਤਾਂ ਜੋ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਆਮ ਲੋਕਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਇਸ ਮਹੱਤਵਪੂਰਨ ਪ੍ਰਕਿਰਿਆ ਬਾਰੇ ਜਾਣਕਾਰੀ ਮਿਲ ਸਕੇ।

ਛੱਠ ਪੂਜਾ ਮੌਕੇ ਵੱਖ-ਵੱਖ ਥਾਵਾਂ ਤੇ ਪਹੁੰਚੇ ਪਰਮਿੰਦਰ ਸਿੰਘ ਗੋਲਡੀ ਸ਼ਰਧਾਲੂਆਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ



ਕੁਰਾਲੀ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਵੱਲੋਂ ਹਲਕਾ ਖਰੜ ਤੋਂ ਵਿਧਾਨ ਸਭਾ ਉਮੀਦਵਾਰ ਐਲਾਨੇ ਗਏ ਹਲਕਾ ਖਰੜ ਦੇ ਇੰਚਾਰਜ ਅਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ.ਪਰਮਿੰਦਰ ਸਿੰਘ ਗੋਲਡੀ ਵੱਲੋਂ ਛੱਠ ਪੂਜਾ ਦੇ ਪਵਿੱਤਰ ਤਿਉਹਾਰ ਮੌਕੇ ਖਰੜ ਅਤੇ ਕੁਰਾਲੀ ਵਿਖੇ ਕਰਵਾਏ ਗਏ ਧਾਰਮਿਕ ਸਮਾਗਮਾਂ ਵਿੱਚ ਸ਼ਿਰਕਤ ਕੀਤੀ ਗਈ ਅਤੇ ਸ਼ਰਧਾਲੂਆਂ ਨੂੰ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਮਿਥਿਲਾ ਛੱਠ ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਸ.ਪਰਮਿੰਦਰ ਸਿੰਘ ਗੋਲਡੀ ਖਰੜ ਦੇ ਮਹਾਰਾਜਾ ਅੱਜ ਸਰੋਵਰ ਵਿਖੇ ਪਹੁੰਚੇ ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਪਰਿਵਾਰਾਂ ਵੱਲੋਂ ਸ਼ਾਮ ਸਮੇਂ ਡੁੱਬਦੇ ਸੂਰਜ ਨੂੰ ਅਰਘ ਭੇਟ ਕੀਤਾ ਗਿਆ ਸ਼ਰਧਾਲੂਆਂ ਨੇ ਫਲਾਂ ਮਠਿਆਈਆਂ ਅਤੇ ਹੋਰ ਪੂਜਾ ਸਮੱਗਰੀ ਨਾਲ ਸੂਰਜ ਦੇਵਤਾ ਦੀ ਪੂਜਾ ਕਰਦਿਆਂ ਆਪਣੇ ਪਰਿਵਾਰਾਂ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਕਾਮਨਾ ਕੀਤੀ ਇਸੇ ਤਰ੍ਹਾਂ ਪਰਮਿੰਦਰ ਸਿੰਘ ਗੋਲਡੀ ਕੁਰਾਲੀ ਅਤੇ ਨਯਾਗਾਓਂ ਵਿਖੇ ਕਰਵਾਏ ਗਏ ਛੱਠ ਪੂਜਾ ਦੇ ਧਾਰਮਿਕ ਸਮਾਗਮਾਂ ਵਿੱਚ ਸ਼ਾਮਲ ਹੋਏ ਇਸ ਦਿਨ ਸਵੇਰੇ ਤੜਕਸਾਰ ਸ਼ਰਧਾਲੂਆਂ ਵੱਲੋਂ ਚੜ੍ਹਦੇ ਸੂਰਜ ਨੂੰ ਅਰਘ ਭੇਟ ਕਰਕੇ ਪੂਜਾ-ਅਰਚਨਾ ਕੀਤੀ ਗਈ ਪੂਜਾ ਸੰਪੰਨ ਹੋਣ ਉਪਰੰਤ ਸ਼ਰਧਾਲੂਆਂ ਨੇ ਆਪਣਾ 36 ਘੰਟਿਆਂ ਦਾ ਵਰਤ ਖੋਲ੍ਹਿਆ ਅਤੇ ਪ੍ਰਸ਼ਾਦ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਇਸ ਮੌਕੇ ਪਰਮਿੰਦਰ ਸਿੰਘ ਗੋਲਡੀ ਨੇ ਛੱਠ ਪੂਜਾ ਦੀਆਂ ਸਮੂਹ ਸ਼ਰਧਾਲੂਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਛੱਠ ਪੂਜਾ ਆਸਥਾ ਸ਼ਰਧਾ ਅਤੇ ਕੁਦਰਤ ਪ੍ਰਤੀ ਸਤਿਕਾਰ ਦਾ ਪ੍ਰਤੀਕ ਹੈ।

ਸੈਰ ਪ੍ਰੇਮੀਆਂ ਨੇ ਸੰਗਰਾਂਦ ਦਾ ਦਿਹਾੜਾ ਮਨਾਇਆ



ਪਟਿਆਲਾ, 16 ਨਵੰਬਰ
-ਜੀ. ਐਸ. ਤੂੰਗ-

ਸੈਰ ਪ੍ਰੇਮੀਆਂ ਵੱਲੋਂ ਲਗਾਤਾਰ ਸੰਗਰਾਂਦ ਦਾ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਮੌਕੇ ਤੇ ਜਿੱਥੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ ਉੱਥੇ ਹੀ ਸਾਰਿਆਂ ਨੇ ਸਾਂਝੀਵਾਲਤਾ ਦੇ ਭਲੇ ਦੀ ਗੱਲ ਵੀ ਨਾਲ ਕਹੀ ਇਸ ਮੌਕੇ ਬਹੁਤ ਲੰਬੇ ਸਮੇਂ ਤੋਂ ਚੋਪੜਾ ਸਾਹਿਬ ਵੱਲੋਂ ਕੜਾਹ ਪ੍ਰਸ਼ਾਦ ਤਿਆਰ ਕਰਕੇ ਲੈ ਕੇ ਆਇਆ ਜਾਂਦਾ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਸਮਾਜ ਸੇਵੀ ਜਗਤਾਰ ਸਿੰਘ ਜੱਗੀ ਨੇ ਦੱਸਿਆ ਕੀ ਸੰਗਰਾਂਦ ਦਾ ਦਿਹਾੜਾ ਇੱਕ ਪਵਿੱਤਰ ਦਿਹਾੜਾ ਹੈ ਅਸੀਂ ਸਾਰੇ ਹੀ ਇਸ ਦਿਹਾੜੇ ਨੂੰ ਇਦਾਂ ਹੀ ਬੜੇ ਪਿਆਰ ਨਾਲ ਮਨਾਈਏ ਅਤੇ ਅਰਦਾਸ ਕਰੀਏ ਕਿ ਸਾਰੇ ਲੋਕ ਤੰਦਰੁਸਤ ਰਹਿਣ ਦੁਨੀਆਂ ਦੇ ਵਿੱਚ ਸੁੱਖ ਸ਼ਾਂਤੀ ਤੇ ਅਮਨ ਕਾਇਮ ਰਹੇ। ਇਸ ਮੌਕੇ ਜੈ ਨਰਾਇਣ ਚੋਪੜਾ ਜੀ ਨੇ ਬੋਲਦਿਆਂ ਕਿਹਾ ਕਿ ਜੋ ਆਨੰਦ ਸੰਗਰਾਂਦ ਦੇ ਦਿਹਾੜੇ ਤੇ ਸੇਵਾ ਕਰਨ ਵਿੱਚ ਹੈ ਉਹ ਹੋਰ ਕਿਤੇ ਪ੍ਰਾਪਤ ਨਹੀਂ ਕੀਤਾ ਜਾ ਸਕਦਾ ਉਹਨਾਂ ਵੱਲੋਂ ਸਾਰੇ ਸੈਰ ਪ੍ਰੇਮੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਸਭ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸ਼ਾਮਿਲ ਹੋਈਆਂ ਸ਼ਖਸੀਅਤਾਂ ਵਿੱਚ ਸਮਾਜ ਸੇਵੀ ਵਿਨੋਦ ਸ਼ਰਮਾ ਜੀ, ਉੱਘੇ ਸਮਾਜ ਸੇਵਕ ਜਗਜੀਤ ਸਿੰਘ ਸੱਗੂ ਉੱਘੇ ਗੀਤਕਾਰ ਹਰਪਾਲ ਮਾਨ, ਸਰਦਾਰ ਮਨਜੀਤ ਸਿੰਘ ਪਰਮਜੀਤ ਸਿੰਘ ਜੀ ਕਾਲਾ ਸੁਭਾਸ਼ ਚੰਦ ਗੋਇਲ, ਅਮਰਪ੍ਰੀਤ ਸਿੰਘ ਢਿੱਲੋ , ਪ੍ਰਿੰਸੀਪਲ ਸ਼ਵਿੰਦਰ ਸਿੰਘ ਐਮਐਲਏ ਅਹੁਜਾ ਸਨ।

ਸਰਾਭਾ ਦੀ ਲਾਸਾਨੀ ਕੁਰਬਾਨੀ ਨੌਜਵਾਨ ਪੀੜ੍ਹੀਆਂ ਲਈ ਸਦਾ ਪ੍ਰੇਰਨਾ ਦਾ ਸਰੋਤ ਰਹੇਗੀ: ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 16 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਜੰਗ-ਏ-ਆਜ਼ਾਦੀ ਦੇ ਮਹਾਨ ਨਾਇਕ ਅਤੇ ਅਦੁੱਤੀ ਇਨਕਲਾਬੀ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਿਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਹਨ।



ਅੱਜ ਇੱਥੇ ਜਾਰੀ ਇੱਕ ਸਾਂਝੇ ਸੰਦੇਸ਼ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਨਾਮ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਦੇ ਸੁਨਹਿਰੀ ਇਤਿਹਾਸ ਵਿੱਚ ਹਮੇਸ਼ਾ ਅਮਰ ਰਹੇਗਾ। ਉਨਾਂ ਨੇ ਦੇਸ਼ ਦੀ ਆਜ਼ਾਦੀ ਲਈ ਉਨ੍ਹਾਂ ਵੱਲੋਂ ਦਿਖਾਈ ਗਈ ਅਦੁੱਤੀ ਦਲੇਰੀ, ਅਟੁੱਟ ਸਿਦਕ, ਦ੍ਰਿੜ੍ਹ ਇਰਾਦੇ ਅਤੇ ਨਿਰਸਵਾਰ

ਮਾਲੇਰਕੋਟਲਾ ਪੁਲਿਸ ਵੱਲੋਂ ਅੰਤਰ-ਜ਼ਿਲ੍ਹਾ ਚੇਨ ਸਨੈਚਿੰਗ ਗਿਰੋਹ ਦਾ ਪਰਦਾਫ਼ਾਸ਼: ਮੋਗਾ ਦੇ ਚਾਰ ਮੁਲਜ਼ਮ ਗ੍ਰਿਫ਼ਤਾਰ

➢ ਸੂਚਨਾ ਮਿਲਣ ਦੇ ਕੁਝ ਦਿਨਾਂ ਅੰਦਰ ਸੀ.ਆਈ.ਏ. ਸਟਾਫ਼ ਮਾਹੋਰਾਣਾ ਨੇ ਮੁਲਜ਼ਮਾਂ ਨੂੰ ਟਰੇਸ ਕੀਤਾ; ਪੰਜਵਾਂ ਮੁਲਜ਼ਮ ਨਾਮਜ਼ਦ ➢ ਸਵਿਫ਼ਟ ਡਿਜ਼ਾਇਰ ਕਾਰ, ਮੋਟਰਸਾਈਕਲ ਅਤੇ ਸੋਨੇ ਦੇ ਗਹਿਣੇ ਬਰਾਮਦ ➢ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਸਰਵਉੱਚ ਤਰਜੀਹ: ਐੱਸ.ਐੱਸ.ਪੀ. ਖੱਖ

ਮਲੇਰਕੋਟਲਾ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਮਾਲੇਰਕੋਟਲਾ ਪੁਲਿਸ ਨੇ ਧੂਰੀ ਰੋਡ 'ਤੇ ਹੋਈ ਚੇਨ ਸਨੈਚਿੰਗ ਦੀ ਵਾਰਦਾਤ ਨੂੰ ਟਰੇਸ ਕਰਕੇ ਜ਼ਿਲ੍ਹਾ ਮੋਗਾ ਨਾਲ ਸਬੰਧਤ ਗਿਰੋਹ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਸੀ.ਆਈ.ਏ. ਸਟਾਫ਼ ਮਾਹੋਰਾਣਾ ਦੀ ਟੀਮ ਨੇ ਵਾਰਦਾਤ ਵਿੱਚ ਵਰਤੀ ਗਈ ਸਵਿਫ਼ਟ ਡਿਜ਼ਾਇਰ ਕਾਰ, ਮੋਟਰਸਾਈਕਲ ਅਤੇ ਸੋਨੇ ਦਾ ਲਾਕਟ ਵੀ ਬਰਾਮਦ ਕਰ ਲਿਆ ਹੈ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਨਿਰਮਲ ਸਿੰਘ, ਵਾਸੀ ਰੌਲੀ, ਥਾਣਾ ਮਹਿਣਾ, ਮੋਗਾ; ਸੁਨੀਲ ਕੁਮਾਰ ਉਰਫ਼ ਸੈਨੀ, ਵਾਸੀ ਕੈਂਪ ਕੱਪੜਾ ਮਾਰਕੀਟ, ਮੋਗਾ; ਵਿਸ਼ਾਲ ਕੁਮਾਰ, ਵਾਸੀ ਰੇਗਰ ਬਸਤੀ, ਹਰੀਜਨ ਕਲੋਨੀ, ਮੋਗਾ; ਅਤੇ ਗੁਰਪ੍ਰੀਤ ਸਿੰਘ ਉਰਫ਼ ਕਾਕਾ, ਵਾਸੀ ਰੌਲੀ, ਥਾਣਾ ਮਹਿਣਾ, ਮੋਗਾ ਵਜੋਂ ਹੋਈ ਹੈ। ਪੰਜਵੇਂ ਮੁਲਜ਼ਮ ਵਿਕਰਮਜੀਤ ਸਿੰਘ ਉਰਫ਼ ਵਿੱਕੀ ਉਰਫ਼ ਬੰਗਲਾ, ਵਾਸੀ ਰੌਲੀ, ਨੂੰ ਇਸ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਗਿਆ ਹੈ, ਜਿਸ ਦੀ ਗ੍ਰਿਫ਼ਤਾਰੀ ਲਈ ਪੁਲਿਸ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ।

ਮੀਡੀਆ ਨਾਲ ਗੱਲਬਾਤ ਕਰਦਿਆਂ ਸੀਨੀਅਰ ਕਪਤਾਨ ਪੁਲਿਸ



(ਐੱਸ.ਐੱਸ.ਪੀ.) ਸ੍ਰੀ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇਹ ਕਾਰਵਾਈ ਇੰਸਪੈਕਟਰ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਮਾਹੋਰਾਣਾ ਦੀ ਟੀਮ ਵੱਲੋਂ ਅਮਲ ਵਿੱਚ ਲਿਆਂਦੀ ਗਈ। ਇਹ ਟੀਮ ਐੱਸ.ਪੀ. (ਇਨਵੈਸਟੀਗੇਸ਼ਨ) ਸ੍ਰੀ ਰਮਨਦੀਪ ਸਿੰਘ ਭੁੱਲਰ ਅਤੇ ਡੀ.ਐੱਸ.ਪੀ. (ਇਨਵੈਸਟੀਗੇਸ਼ਨ) ਸ੍ਰੀ ਦੀਪਇੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਕੰਮ ਕਰ ਰਹੀ ਸੀ।

ਉਨ੍ਹਾਂ ਦੱਸਿਆ ਕਿ 28.10.2026 ਨੂੰ ਹਰਪ੍ਰੀਤ ਕੌਰ ਦੀ ਸ਼ਿਕਾਇਤ 'ਤੇ ਥਾਣਾ ਸਿਟੀ-1 ਮਾਲੇਰਕੋਟਲਾ ਵਿਖੇ ਬੀ.ਐੱਨ.ਐੱਸ. ਦੀਆਂ ਧਾਰਾਵਾਂ 304(2) ਅਤੇ 61(2) ਤਹਿਤ ਮੁਕੱਦਮਾ ਨੰਬਰ 270 ਦਰਜ ਕੀਤਾ ਗਿਆ ਸੀ, ਜਿਨ੍ਹਾਂ ਦੀ ਸੋਨੇ ਦੀ ਚੇਨ ਧੂਰੀ ਰੋਡ 'ਤੇ ਗਊਸ਼ਾਲਾ ਨੇੜਿਓਂ ਝਪਟ ਲਈ ਗਈ ਸੀ। ਦੋ ਹਫ਼ਤਿਆਂ ਤੋਂ ਵੱਧ ਸਮੇਂ ਤੱਕ ਪੁਲਿਸ ਟੀਮਾਂ ਨੇ ਸੀ.ਸੀ.ਟੀ.ਵੀ. ਫੁਟੇਜ ਖੰਗਾਲੀ, ਤਕਨੀਕੀ ਵਿਸ਼ਲੇਸ਼ਣ ਕੀਤਾ ਅਤੇ ਮੁਖਬਰੀ ਦੇ ਸਰੋਤਾਂ ਨੂੰ ਸਰਗਰਮ ਰੱਖਿਆ। 12.11.2026 ਨੂੰ ਏ.ਐੱਸ.ਆਈ. ਗੁਰਸ਼ਰਨ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਨੂੰ ਪੱਕੀ ਸੂਚਨਾ ਮਿਲੀ ਕਿ ਝਪਟਮਾਰਾਂ ਨੇ ਮੋਟਰਸਾਈਕਲ ਅਤੇ ਸਵਿਫ਼ਟ ਡਿਜ਼ਾਇਰ ਕਾਰ ਨੰਬਰ ♦229-169943 ਦੀ ਵਰਤੋਂ ਕੀਤੀ ਸੀ ਅਤੇ ਮੁਲਜ਼ਮ ਨਿਰਮਲ ਸਿੰਘ ਹਾਲੇ ਵੀ ਉਸੇ ਕਾਰ ਵਿੱਚ ਘੁੰਮ ਰਿਹਾ ਹੈ ਅਤੇ ਉਸ ਨੂੰ ਮਾਲੇਰਕੋਟਲਾ-ਸੰਗਰੂਰ ਰੋਡ 'ਤੇ ਰੋਕਿਆ ਜਾ ਸਕਦਾ ਹੈ। ਇਸ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਕਾਰ ਨੂੰ ਰੋਕ ਕੇ ਨਿਰਮਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ।

ਪੁੱਛਗਿੱਛ ਦੌਰਾਨ ਨਿਰਮਲ ਸਿੰਘ ਨੇ ਆਪਣੇ ਸਾਥੀਆਂ ਦੇ ਨਾਂ ਦੱਸੇ, ਜਿਸ ਤੋਂ ਬਾਅਦ ਸੁਨੀਲ ਕੁਮਾਰ, ਵਿਸ਼ਾਲ ਕੁਮਾਰ ਅਤੇ ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ। 15.11.2026 ਨੂੰ ਨਿਰਮਲ ਸਿੰਘ ਨੇ ਪੁਲਿਸ ਨੂੰ ਦੱਸਿਆ ਕਿ ਝਪਟੀ ਹੋਈ ਚੇਨ ਉਸ ਅਤੇ ਵਿਕਰਮਜੀਤ ਸਿੰਘ ਵਿਚਕਾਰ ਵੰਡੀ ਗਈ ਸੀ ਅਤੇ ਲਾਕਟ ਉਸ ਕੋਲ ਹੈ। ਉਸ ਦੇ ਖ਼ੁਲਾਸੇ (ਬੀ.ਐੱਸ.ਏ. ਦੀ ਧਾਰਾ 23) ਦੇ ਆਧਾਰ 'ਤੇ ਪੁਲਿਸ ਨੇ ਮੋਗਾ ਦੀ ਐਪੈਕਸ ਕਲੋਨੀ ਵਿਖੇ ਉਸ ਦੇ ਕਿਰਾਏ ਦੇ ਮਕਾਨ ਵਿੱਚੋਂ ਸੋਨੇ ਦਾ ਲਾਕਟ ਬਰਾਮਦ ਕੀਤਾ। ਗੁਰਪ੍ਰੀਤ ਸਿੰਘ ਉਰਫ਼ ਕਾਕਾ ਨੇ ਦੱਸਿਆ ਕਿ ਵਾਰਦਾਤ ਦੌਰਾਨ ਮੋਟਰਸਾਈਕਲ ਦਾ ਪੈਟਰੋਲ ਖ਼ਤਮ ਹੋ ਗਿਆ ਸੀ, ਜਿਸ ਨੂੰ ਉਸ ਨੇ ਮੋਗਾ ਦੇ ਜਗਰਾਉਂ ਰੋਡ 'ਤੇ ਸਥਿਤ ਪ੍ਰੀਤ ਢਾਬੇ 'ਤੇ ਛੱਡ ਦਿੱਤਾ ਸੀ। ਮੋਟਰਸਾਈਕਲ ਉੱਥੋਂ ਬਰਾਮਦ ਕਰ ਲਿਆ ਗਿਆ।

ਸਾਰੇ ਮੁਲਜ਼ਮਾਂ ਨੂੰ ਅੱਜ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਅਗਲੇਰੀ ਪੁੱਛਗਿੱਛ ਜਾਰੀ ਹੈ। ਵਿਕਰਮਜੀਤ ਸਿੰਘ ਦੀ ਗ੍ਰਿਫ਼ਤਾਰੀ ਅਤੇ ਚੇਨ ਦੇ ਬਾਕੀ ਹਿੱਸੇ ਦੀ ਬਰਾਮਦਗੀ ਲਈ ਯਤਨ ਜਾਰੀ ਹਨ ਅਤੇ ਹੋਰ ਬਰਾਮਦਗੀਆਂ ਦੀ ਸੰਭਾਵਨਾ ਹੈ।

ਐੱਸ.ਐੱਸ.ਪੀ. ਖੱਖ ਨੇ ਕਿਹਾ ਕਿ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਮਾਲੇਰਕੋਟਲਾ ਪੁਲਿਸ ਦੀ ਸਰਵਉੱਚ ਤਰਜੀਹ ਹੈ ਅਤੇ ਦੂਜੇ ਜ਼ਿਲ੍ਹਿਆਂ ਤੋਂ ਆ ਕੇ ਇੱਥੇ ਜੁਰਮ ਕਰਨ ਵਾਲਿਆਂ ਨੂੰ ਲੱਭ ਕੇ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾਵੇਗਾ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਅਪਰਾਧਿਕ ਗਤੀਵਿਧੀ ਬਾਰੇ ਜਾਣਕਾਰੀ ਨੇੜਲੇ ਪੁਲਿਸ ਥਾਣੇ ਜਾਂ ਹੈਲਪਲਾਈਨ ਨੰਬਰ 112 'ਤੇ ਸਾਂਝੀ ਕਰਨ।

ਜਨਗਣਨਾ-2027 ਲਈ ਡਿਜੀਟਲ ਕਦਮ; ਘਰ ਬੈਠੇ ਆਨਲਾਈਨ ਦਰਜ ਹੋਣਗੇ ਪਰਿਵਾਰਕ ਵੇਰਵੇ



ਫਰੀਦਕੋਟ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਸਰਕਾਰ ਵੱਲੋਂ ਜਨਗਣਨਾ-2027 ਨੂੰ ਡਿਜੀਟਲ ਰੂਪ ਦੇਣ ਲਈ ਪਹਿਲੀ ਵਾਰ ਨਾਗਰਿਕਾਂ ਨੂੰ ਸਵੈ-ਗਣਨਾ ਦੀ ਵਿਸ਼ੇਸ਼ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤਹਿਤ 16 ਤੋਂ 30 ਨਵੰਬਰ 2026 ਤੱਕ ਲੋਕ ਘਰ ਬੈਠੇ ਹੀ ਆਨਲਾਈਨ ਆਪਣੇ ਪਰਿਵਾਰ ਨਾਲ ਸਬੰਧਤ ਵੇਰਵੇ ਦਰਜ ਕਰ ਸਕਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ ਵਿਸ਼ੇਸ਼ ਪੋਰਟਲ https://se.census.gov.in/ ਤਿਆਰ ਕੀਤਾ ਗਿਆ ਹੈ। ਪੋਰਟਲ 'ਤੇ ਜਾਣਕਾਰੀ ਭਰ ਕੇ ਜਮ੍ਹਾਂ ਕਰਵਾਉਣ ਉਪਰੰਤ ਨਾਗਰਿਕਾਂ ਨੂੰ ਵਿਸ਼ੇਸ਼ ਸਵੈ-ਗਣਨਾ ਆਈ.ਡੀ. ਮਿਲੇਗੀ, ਜਿਸ ਨੂੰ ਘਰ-ਘਰ ਆਉਣ ਵਾਲੇ ਜਨਗਣਨਾ ਕਰਮਚਾਰੀਆਂ ਨੂੰ ਦਿਖਾਉਣਾ ਹੋਵੇਗਾ, ਤਾਂ ਜੋ ਦਰਜ ਕੀਤੇ ਵੇਰਵਿਆਂ ਦੀ ਤਸਦੀਕ ਕੀਤੀ ਜਾ ਸਕੇ।

ਉਨ੍ਹਾਂ ਦੱਸਿਆ ਕਿ ਸਵੈ-ਗਣਨਾ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਜਨਗਣਨਾ ਕਰਮਚਾਰੀ ਘਰ-ਘਰ ਜਾ ਕੇ ਜਾਣਕਾਰੀ ਇਕੱਤਰ ਕਰਨਗੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਸਵੈ-ਗਣਨਾ ਲਾਜ਼ਮੀ ਨਹੀਂ, ਸਗੋਂ ਲੋਕਾਂ ਦੀ ਸਹੂਲਤ ਲਈ ਇੱਕ ਵਿਕਲਪ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਹੂਲਤ ਦਾ ਲਾਭ ਲੈਣ ਅਤੇ ਸਹੀ ਜਾਣਕਾਰੀ ਦਰਜ ਕਰਵਾਉਣ ਵਿੱਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਅੰਕੜੇ ਦੇਸ਼ ਦੇ ਵਿਕਾਸ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਪੰਜਾਬ ਕਰੇਗਾ ਕੌਮੀ ਫੁੱਟਬਾਲ ਚੈਂਪੀਅਨਸ਼ਿਪ ਦੀ ਮੇਜ਼ਬਾਨੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਸਰਾਭਾ, ਮਾਹਿਲਪੁਰ, ਹੁਸ਼ਿਆਰਪੁਰ ਅਤੇ ਹੋਰ ਮੈਦਾਨਾਂ ਵਿੱਚ ਕਰਵਾਏ ਜਾਣਗੇ ਫੁੱਟਬਾਲ ਮੈਚ ➢ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਦੀ ਸਫ਼ਲਤਾ ਨੇ ਪੰਜਾਬ ਨੂੰ ਖੇਡਾਂ ਦੇ ਨਕਸ਼ੇ 'ਤੇ ਲਿਆਂਦਾ ➢ ਪੰਜਾਬ ਸਰਕਾਰ ਸਰਾਭਾ ਸਪੋਰਟਸ ਕਲੱਬ ਦੇ ਬੁਨਿਆਦੀ ਢਾਂਚੇ ਲਈ ਦੇਵੇਗੀ 51 ਲੱਖ ਰੁਪਏ

ਚੰਡੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਤੇਜ਼ੀ ਨਾਲ ਪ੍ਰਮੁੱਖ ਖੇਡ ਕੇਂਦਰ ਵਜੋਂ ਉੱਭਰ ਰਿਹਾ ਹੈ ਅਤੇ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਦੇ ਸਫ਼ਲ ਪ੍ਰਬੰਧਨ ਤੋਂ ਬਾਅਦ ਹੁਣ ਸੂਬਾ ਕੌਮੀ ਪੱਧਰ ਦੀ ਫੁੱਟਬਾਲ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਲਈ ਤਿਆਰ ਹੈ। ਇਹ ਮੈਚ ਸਰਾਭਾ, ਮਾਹਿਲਪੁਰ, ਹੁਸ਼ਿਆਰਪੁਰ ਅਤੇ ਹੋਰ ਥਾਵਾਂ 'ਤੇ ਖੇਡੇ ਜਾਣ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਟੂਰਨਾਮੈਂਟ ਨਾਲ ਦੇਸ਼ ਭਰ ਦੇ ਚੋਟੀ ਦੇ ਖਿਡਾਰੀ ਪੰਜਾਬ ਆਉਣਗੇ ਅਤੇ ਨਾਲ ਹੀ ਖੇਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਵਿੱਚ ਵੀ ਤੇਜ਼ੀ ਆਵੇਗੀ। ਉਨ੍ਹਾਂ ਨੇ ਸਰਾਭਾ ਸਪੋਰਟਸ ਕਲੱਬ ਲਈ 51 ਲੱਖ ਰੁਪਏ ਦੇਣ ਦਾ ਵੀ ਐਲਾਨ ਕੀਤਾ ਅਤੇ ਕਿਹਾ ਕਿ 26 ਜਨਵਰੀ ਨੂੰ ਦਿੱਲੀ ਵਿਖੇ ਹੋਣ ਵਾਲੀ ਗਣਤੰਤਰ ਦਿਵਸ ਪਰੇਡ ਵਿੱਚ ਇੱਕ ਝਾਕੀ ਰਾਹੀਂ ਪੰਜਾਬ ਦੀਆਂ ਰਵਾਇਤੀ ਬੈਲ ਗੱਡੀਆਂ ਦੀਆਂ ਖੇਡਾਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ।

ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਹਾਲ ਹੀ ਵਿੱਚ ਹਾਕੀ ਟੂਰਨਾਮੈਂਟ ਕਰਵਾਇਆ, ਜੋ ਸਫ਼ਲ ਰਿਹਾ। ਪੰਜਾਬ ਨੂੰ ਫੁੱਟਬਾਲ ਟੂਰਨਾਮੈਂਟ ਕਰਵਾਉਣ ਦੀਆਂ ਪੇਸ਼ਕਸ਼ਾਂ ਵੀ ਮਿਲ ਰਹੀਆਂ ਹਨ। ਆਉਣ ਵਾਲੇ ਦਿਨਾਂ ਵਿੱਚ ਅਸੀਂ ਪੰਜਾਬ ਵਿੱਚ ਕੌਮੀ ਪੱਧਰ ਦਾ ਫੁੱਟਬਾਲ ਟੂਰਨਾਮੈਂਟ ਕਰਵਾਵਾਂਗੇ, ਜਿਸ ਦੇ ਕੁਝ



ਮੈਚ ਸਰਾਭਾ ਦੇ ਇਸੇ ਮੈਦਾਨ ਵਿੱਚ ਵੀ ਖੇਡੇ ਜਾਣਗੇ। ਅਸੀਂ ਦੋ-ਤਿੰਨ ਮੈਦਾਨਾਂ ਦੀ ਚੋਣ ਕੀਤੀ ਹੈ, ਜਿਨ੍ਹਾਂ ਵਿੱਚ ਮਾਹਿਲਪੁਰ ਅਤੇ ਸਰਾਭਾ ਸ਼ਾਮਲ ਹਨ। ਫੁੱਟਬਾਲ ਕਈ ਥਾਵਾਂ 'ਤੇ ਖੇਡੀ ਜਾਂਦੀ ਹੈ, ਖ਼ਾਸ ਕਰ ਕੇ ਹੁਸ਼ਿਆਰਪੁਰ ਖੇਤਰ ਵਿੱਚ।

ਉਨ੍ਹਾਂ ਅੱਗੇ ਕਿਹਾ, ਅਸੀਂ ਸਰਾਭਾ ਦੇ ਖੇਡ ਮੈਦਾਨ ਨੂੰ ਅਪਗ੍ਰੇਡ ਕਰਾਂਗੇ। ਇੱਥੇ ਕੌਮੀ ਟੀਮ ਅਤੇ ਦੇਸ਼ ਭਰ ਦੇ ਕੁਝ ਬਿਹਤਰੀਨ ਖਿਡਾਰੀ ਖੇਡਣ ਲਈ ਆਉਣਗੇ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਾਭਾ ਸਪੋਰਟਸ ਕਲੱਬ ਦੇ ਬੁਨਿਆਦੀ ਢਾਂਚੇ ਲਈ 51 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ,

ਤੁਸੀਂ ਮੈਨੂੰ ਮੁੱਖ ਮੰਤਰੀ ਬਣਾਇਆ ਹੈ ਅਤੇ ਇਹ ਤੁਹਾਡਾ ਆਪਣਾ ਪੈਸਾ ਹੈ, ਜੋ ਤੁਸੀਂ ਟੈਕਸਾਂ ਦੇ ਰੂਪ ਵਿੱਚ ਅਦਾ ਕਰਦੇ ਹੋ। ਇੱਥੇ ਬਹੁਤ ਸਾਰੇ ਖਿਡਾਰੀ ਹਨ, ਇਸ ਲਈ ਤੁਹਾਨੂੰ ਬਹੁਤ ਜਲਦ ਡੀ.ਪੀ.ਆਈ. ਦੀ ਅਸਾਮੀ ਵੀ ਦਿੱਤੀ ਜਾਵੇਗੀ।

ਉਨ੍ਹਾਂ ਅੱਗੇ ਕਿਹਾ ਕਿ ਸ਼ਹੀਦੀ ਦਿਵਸ ਸਮਾਗਮਾਂ ਦੌਰਾਨ ਕਰਵਾਏ ਜਾਂਦੇ ਫੁੱਟਬਾਲ ਅਤੇ ਕਬੱਡੀ ਮੁਕਾਬਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਕ੍ਰਾਂਤੀਕਾਰੀ ਸੋਚ ਨੂੰ ਸੱਚੀ ਸ਼ਰਧਾਂਜਲੀ ਹਨ।

ਮੁੱਖ ਮੰਤਰੀ ਨੇ ਪਿੰਡ ਵਾਸੀਆਂ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਵਿਕਾਸ ਮੰਗਾਂ 'ਤੇ ਵਿਚਾਰ ਕੀਤਾ ਜਾਵੇਗਾ ਅਤੇ ਲੋਕਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਡਿਪਟੀ ਕਮਿਸ਼ਨਰ ਨੂੰ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਪੰਜਾਬ, ਦਿੱਲੀ ਵਿਖੇ ਗਣਤੰਤਰ ਦਿਵਸ ਪਰੇਡ ਵਿੱਚ ਕਿਲ੍ਹਾ ਰਾਏਪੁਰ ਦੀਆਂ ਰਵਾਇਤੀ ਖੇਡਾਂ ਦਾ ਪ੍ਰਦਰਸ਼ਨ ਕਰੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਪੰਜਾਬ ਵਾਸੀਆਂ ਨਾਲ ਖ਼ੁਸ਼ਖ਼ਬਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 26 ਜਨਵਰੀ ਨੂੰ ਦਿੱਲੀ ਵਿਖੇ ਗਣਤੰਤਰ ਦਿਵਸ ਪਰੇਡ ਹੁੰਦੀ ਹੈ। ਇਸ ਵਾਰ ਅਸੀਂ ਪਰੇਡ ਲਈ ਬੈਲ ਗੱਡੀਆਂ ਦੀ ਵਿਸ਼ੇਸ਼ਤਾ ਦਰਸਾਉਂਦਾ ਡਿਜ਼ਾਈਨ ਵੀ ਭੇਜਿਆ ਹੈ, ਕਿਉਂਕਿ ਇਹ ਸਾਡੀ ਰਵਾਇਤੀ ਖੇਡ ਹੈ। ਜਦੋਂ ਪੰਜਾਬ ਦੀ ਝਾਕੀ ਪੇਸ਼ ਕੀਤੀ ਜਾਵੇਗੀ ਤਾਂ ਤੁਸੀਂ ਖ਼ੁਦ ਦੇਖੋਗੇ। ਅਸੀਂ ਬੈਲ ਗੱਡੀਆਂ ਨੂੰ ਇਸ ਲਈ ਸ਼ਾਮਲ ਕੀਤਾ ਹੈ ਕਿਉਂਕਿ ਇਹ ਸਾਡੇ ਵਿਰਸੇ ਦਾ ਹਿੱਸਾ ਹਨ।

ਇਸ ਖੇਤਰ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਦੀ ਪੁਰਾਣੀ ਪਰੰਪਰਾ ਰਹੀ ਹੈ, ਖ਼ਾਸ ਕਰ ਕੇ ਕਿਲ੍ਹਾ ਰਾਏਪੁਰ ਖੇਡ ਮੇਲੇ ਵਿੱਚ।

ਹਡਾਣਾ ਦੀ ਰਹਿਨੁਮਾਈ ਹੇਠ ਵੱਖ-ਵੱਖ ਪਿੰਡਾਂ ਤੋਂ ਸ਼ਰਧਾਲੂਆਂ ਦਾ ਜਥਾ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ



ਦੇਵੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਹੇਠ ਹਲਕਾ ਸਨੌਰ ਦੇ ਵੱਖ-ਵੱਖ ਪਿੰਡ ਲਲੀਨਾ, ਬੁੜੈਮਾਜਰਾ ਅਤੇ ਅਲੀਪੁਰ ਅਰਾਈਆਂ ਤੋਂ ਸ਼ਰਧਾਲੂਆਂ ਦੇ ਜਥੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਦਰਸ਼ਨਾਂ ਲਈ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਰਵਾਨਾ ਹੋਏ।

ਇਸ ਮੌਕੇ ਯਾਤਰਾ ਲਈ ਰਵਾਨਾ ਹੋ ਰਹੀਆਂ ਸੰਗਤਾਂ ਨੂੰ ਸ਼ੁਭਕਾਮਨਾਵਾਂ ਭੇਜਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਬਜ਼ੁਰਗਾਂ ਅਤੇ ਆਮ ਲੋਕਾਂ ਦੀਆਂ ਧਾਰਮਿਕ



ਹਰਿਆਣਾ ਖ਼ਬਰਨਾਮਾ



ਹਰਿਆਣਾ ਕੋਲਡ ਚੇਨ ਨੀਤੀ ਨੂੰ ਮੁੱਖ ਮੰਤਰੀ ਨੇ ਦਿੱਤੀ ਮਨਜ਼ੂਰੀ

➢ ਖੇਤ ਤੋਂ ਬਾਜ਼ਾਰ ਤੱਕ ਮਜ਼ਬੂਤ ਹੋਵੇਗੀ ਸਪਲਾਈ ਵਿਵਸਥਾ : ਸ਼ਿਆਮ ਸਿੰਘ ਰਾਣਾ ➢ ਕਿਸਾਨਾਂ ਨੂੰ ਬਿਹਤਰ ਭਾਅ ਦਿਵਾਉਣ, ਵਾਢੀ ਤੋਂ ਬਾਅਦ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਅਤੇ ਆਧੁਨਿਕ ਕੋਲਡ ਚੇਨ ਵਿਕਸਿਤ ਕਰਨ 'ਤੇ ਰਹੇਗਾ ਜ਼ੋਰ ➢ ਬਾਗਬਾਨੀ ਵਿਭਾਗ ਦੇ ਤਾਲਮੇਲ ਨਾਲ ਜੁੜਨਗੇ ਵੱਖ-ਵੱਖ ਵਿਭਾਗ ਅਤੇ ਸੰਸਥਾਵਾਂ

ਚੰਡੀਗੜ੍ਹ, 17 ਨਵੰਬਰ
-ਅਨੀਤਾ ਜਾਂਗੜਾ-
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ÷ਹਰਿਆਣਾ ਕੋਲਡ ਚੇਨ ਨੀਤੀ÷ ਸੂਬੇ ਵਿੱਚ ਖੇਤੀਬਾੜੀ ਉਪਜ ਦੇ ਸੰਗ੍ਰਹਿ, ਭੰਡਾਰਨ, ਆਵਾਜਾਈ ਅਤੇ ਮਾਰਕਟਿੰਗ ਨੂੰ ਇੱਕ-ਦੂਜੇ ਨਾਲ ਜੋੜਨ ਦਾ ਆਧਾਰ ਬਣੇਗੀ। ਇਸ ਨੀਤੀ ਦਾ ਉਦੇਸ਼ ਸਿਰਫ਼ ਕੋਲਡ ਸਟੋਰੇਜ ਬਣਾਉਣਾ ਹੀ ਨਹੀਂ, ਸਗੋਂ ਕਿਸਾਨਾਂ ਦੀ ਉਪਜ ਨੂੰ ਬਿਹਤਰ ਗੁਣਵੱਤਾ ਦੇ ਨਾਲ ਵਧੇਰੇ ਲਾਹੇਵੰਦ ਬਾਜ਼ਾਰਾਂ ਤੱਕ ਪਹੁੰਚਾਉਣਾ ਹੈ। ਇਸ ਰਾਹੀਂ ਵਾਢੀ ਤੋਂ ਬਾਅਦ ਹੋਣ ਵਾਲੇ ਨੁਕਸਾਨ ਨੂੰ ਘਟਾਉਣ, ਕਿਸਾਨਾਂ ਦੀ ਆਮਦਨ ਵਧਾਉਣ, ਨਿੱਜੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਊਰਜਾ-ਕੁਸ਼ਲ ਤੇ ਵਾਤਾਵਰਣ-ਅਨੁਕੂਲ ਤਕਨੀਕਾਂ ਅਪਣਾਉਣ 'ਤੇ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨੇ ਇਸ ਨਵੀਂ ਨੀਤੀ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਉਤਪਾਦਨ ਖੇਤਰਾਂ ਨਾਲ ਜੁੜਨਗੇ ਪੈਕਹਾਊਸ, ਕੋਲਡ ਸਟੋਰੇਜ ਅਤੇ ਰੈਫ੍ਰਿਜਰੇਟਿਡ ਆਵਾਜਾਈ ਸਹੂਲਤਾਂ

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ÷ਹਰਿਆਣਾ ਕੋਲਡ ਚੇਨ ਨੀਤੀ÷ ਤਹਿਤ ਸਥਾਨਕ ਉਤਪਾਦਨ ਅਤੇ ਬਾਜ਼ਾਰ ਦੀ ਮੰਗ ਦੇ ਆਧਾਰ 'ਤੇ ਜ਼ਿਲ੍ਹਾ ਪੱਧਰ 'ਤੇ ਲੋੜੀਂਦੀਆਂ ਸਹੂਲਤਾਂ ਦੀ ਪਛਾਣ ਕੀਤੀ ਜਾਵੇਗੀ। ਉਤਪਾਦਨ ਕਲੱਸਟਰਾਂ ਵਿੱਚ ਆਧੁਨਿਕ ਪੈਕਹਾਊਸ, ਸੰਗ੍ਰਹਿ ਕੇਂਦਰ, ਪ੍ਰੀ-ਕੂਲਿੰਗ ਯੂਨਿਟਾਂ, ਕੋਲਡ ਸਟੋਰੇਜ ਅਤੇ ਰੈਫ੍ਰਿਜਰੇਟਿਡ ਆਵਾਜਾਈ ਸਹੂਲਤਾਂ ਦੇ ਤਾਲਮੇਲ ਵਾਲੇ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਪਿੰਡ ਪੱਧਰ ਦੇ ਪੈਕਹਾਊਸ ਕਿਸਾਨਾਂ ਦੀ ਉਪਜ ਇਕੱਠੀ ਕਰਨ, ਸਾਫ਼ ਕਰਨ, ਛਾਂਟੀ, ਗ੍ਰੇਡਿੰਗ ਅਤੇ ਪੈਕਿੰਗ ਤੋਂ ਬਾਅਦ ਬਾਜ਼ਾਰ ਵਿੱਚ ਭੇਜਣ ਦੇ ਕੇਂਦਰਾਂ ਵਜੋਂ ਕੰਮ ਕਰਨਗੇ। ਇਨ੍ਹਾਂ ਦੇ ਨਾਲ ਆਵਾਜਾਈ ਅਤੇ ਅਗਲੇ ਪੜਾਅ ਦੇ ਬਾਜ਼ਾਰ ਸੰਪਰਕ ਨੂੰ ਜੋੜਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਆਪਣੀ ਉਪਜ ਤੁਰੰਤ ਵੇਚਣ ਦੀ ਮਜਬੂਰੀ ਤੋਂ ਰਾਹਤ ਦਿਵਾਉਣਾ, ਵਿਚੋਲਿਆਂ 'ਤੇ ਨਿਰਭਰਤਾ ਘਟਾਉਣਾ ਅਤੇ ਆਪਣੀ ਪਸੰਦ ਦੇ ਬਾਜ਼ਾਰ ਤੱਕ ਪਹੁੰਚ ਬਣਾਉਣ ਦੇ ਵਧੇਰੇ ਮੌਕੇ ਪ੍ਰਦਾਨ ਕਰਨਾ ਇਸ ਨੀਤੀ ਦਾ ਮੁੱਖ ਉਦੇਸ਼ ਹੈ। ਕਿਸਾਨ ਉਤਪਾਦਕ ਸੰਗਠਨਾਂ ਰਾਹੀਂ ਉਪਜ ਇਕੱਠੀ ਕਰਨ ਦੇ ਨਾਲ-ਨਾਲ ਪ੍ਰਚੂਨ ਵਪਾਰਕ ਚੇਨਾਂ, ਪ੍ਰੋਸੈਸਿੰਗ ਯੂਨਿਟਾਂ, ਨਿਰਯਾਤਕਾਂ ਅਤੇ ਈ-ਕਾਮਰਸ ਪਲੇਟਫਾਰਮਾਂ ਨਾਲ ਸਿੱਧੇ ਸੰਪਰਕ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਔਰਤਾਂ ਅਤੇ ਵਾਂਝੇ ਕਿਸਾਨ ਵਰਗਾਂ ਦੀ ਭਾਗੀਦਾਰੀ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਨੀਤੀ ਦਾ ਦਾਇਰਾ ਸਿਰਫ਼ ਫਲਾਂ ਅਤੇ ਸਬਜ਼ੀਆਂ ਤੱਕ ਸੀਮਤ ਨਹੀਂ ਹੈ। ਇਸ ਵਿੱਚ ਅਨਾਜ, ਦਾਲਾਂ, ਤੇਲ ਬੀਜ, ਮਸਾਲੇ, ਦੁੱਧ, ਅੰਡੇ, ਮੱਛੀ, ਮੀਟ ਅਤੇ ਸੁੱਕੇ ਮੇਵਿਆਂ ਸਮੇਤ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਦੀਆਂ ਪ੍ਰਮੁੱਖ ਜਲਦੀ ਖ਼ਰਾਬ ਹੋਣ ਵਾਲੀਆਂ ਅਤੇ ਤਾਪਮਾਨ ਪ੍ਰਤੀ ਸੰਵੇਦਨਸ਼ੀਲ ਵਸਤੂਆਂ ਸ਼ਾਮਲ ਹਨ।

ਬਾਗਬਾਨੀ ਵਿਭਾਗ ਕਰੇਗਾ ਤਾਲਮੇਲ, ਸਬੰਧਤ ਵਿਭਾਗ ਕਰਨਗੇ ਲਾਗੂ

ਉਨ੍ਹਾਂ ਦੱਸਿਆ ਕਿ ਬਾਗਬਾਨੀ ਵਿਭਾਗ ਨੋਡਲ ਵਿਭਾਗ ਵਜੋਂ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ, ਯੋਜਨਾਵਾਂ ਦੇ ਆਪਸੀ ਤਾਲਮੇਲ, ਪ੍ਰਗਤੀ ਦੀ ਸਮੀਖਿਆ ਅਤੇ ਨਤੀਜਿਆਂ ਦੀ ਨਿਗਰਾਨੀ ਕਰੇਗਾ। ਸਾਰੇ ਕੰਮ ਸਿਰਫ਼ ਬਾਗਬਾਨੀ ਵਿਭਾਗ ਵੱਲੋਂ ਹੀ ਨਹੀਂ ਕੀਤੇ ਜਾਣਗੇ। ਸਬੰਧਤ ਸਰਕਾਰੀ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਸੰਸਥਾਵਾਂ ਨੂੰ ਕੰਮ ਦੀ ਪ੍ਰਕਿਰਤੀ, ਉਨ੍ਹਾਂ ਦੇ ਕਾਰਜ ਖੇਤਰ ਅਤੇ ਤਕਨੀਕੀ ਲੋੜਾਂ ਅਨੁਸਾਰ ਸੂਬਾ ਸਰਕਾਰ ਵੱਲੋਂ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ।

ਸੂਬਾ ਪੱਧਰੀ ਨਿਗਰਾਨੀ ਪ੍ਰਣਾਲੀ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂ ਪਾਲਣ ਅਤੇ ਡੇਅਰੀ, ਮੱਛੀ ਪਾਲਣ, ਸਹਿਕਾਰਤਾ ਅਤੇ ਨਵੀਂ ਤੇ ਨਵਿਆਉਣਯੋਗ ਊਰਜਾ ਖੇਤਰ ਦੇ ਨੁਮਾਇੰਦਿਆਂ ਦੇ ਨਾਲ ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ, ਨਾਬਾਰਡ ਅਤੇ ਖੋਜ ਸੰਸਥਾਵਾਂ ਦੀ ਭਾਗੀਦਾਰੀ ਰਹੇਗੀ। ਇਸ ਨੀਤੀ ਵਿੱਚ ਮਾਰਕੀਟਿੰਗ ਬੋਰਡ ਦੀ ਭੂਮਿਕਾ ਮੰਡੀਆਂ, ਸੰਗ੍ਰਹਿ ਅਤੇ ਆਵਾਜਾਈ ਨਾਲ ਸਬੰਧਤ ਸਹੂਲਤਾਂ ਨਾਲ ਜੁੜੀ ਹੋਈ ਹੈ, ਜਦੋਂਕਿ ਹਰੇਡਾ ਨਵਿਆਉਣਯੋਗ ਊਰਜਾ ਅਤੇ ਊਰਜਾ-ਕੁਸ਼ਲ ਕੋਲਡ ਚੇਨ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨ ਵਿੱਚ ਸਹਿਯੋਗ ਕਰ ਸਕਦਾ ਹੈ। ਤਕਨੀਕੀ ਸੰਸਥਾਵਾਂ, ਖੇਤੀਬਾੜੀ ਵਿਗਿਆਨ ਕੇਂਦਰਾਂ ਅਤੇ ਯੂਨੀਵਰਸਿਟੀਆਂ ਨੂੰ ਤਕਨੀਕੀ ਮਾਰਗਦਰਸ਼ਨ, ਸਮਰੱਥਾ ਨਿਰਮਾਣ ਅਤੇ ਪ੍ਰਾਜੈਕਟਾਂ ਦੀ ਕਾਰਜਕੁਸ਼ਲਤਾ ਵਿੱਚ ਸੁਧਾਰ ਲਈ ਜੋੜਿਆ ਜਾਵੇਗਾ।

ਬਾਜ਼ਾਰ ਭਾਅ ਅਤੇ ਆਵਾਜਾਈ ਦੀ ਜਾਣਕਾਰੀ ਨਾਲ ਕਿਸਾਨਾਂ ਨੂੰ ਮਿਲੇਗੀ ਮਦਦ

ਉਨ੍ਹਾਂ ਦੱਸਿਆ ਕਿ ਪੈਕਹਾਊਸਾਂ 'ਤੇ ਰੋਜ਼ਾਨਾ ਬਾਜ਼ਾਰ ਭਾਅ ਅਤੇ ਆਵਾਜਾਈ ਦੀ ਉਪਲਬਧਤਾ ਸਬੰਧੀ ਜਾਣਕਾਰੀ ਪ੍ਰਦਰਸ਼ਿਤ ਕਰਨ ਦੀ ਵਿਵਸਥਾ ਹੈ, ਤਾਂ ਜੋ ਕਿਸਾਨ ਵਾਢੀ ਅਤੇ ਵਿਕਰੀ ਨਾਲ ਸਬੰਧਤ ਫ਼ੈਸਲੇ ਬਿਹਤਰ ਢੰਗ ਨਾਲ ਲੈ ਸਕਣ। ਕਿਸਾਨਾਂ, ਖਰੀਦਦਾਰਾਂ ਅਤੇ ਕੋਲਡ ਚੇਨ ਆਵਾਜਾਈ ਸੇਵਾ ਪ੍ਰਦਾਤਾਵਾਂ ਨੂੰ ਜੋੜਨ ਵਾਲੇ ਡਿਜੀਟਲ ਪਲੇਟਫਾਰਮਾਂ ਦੇ ਵਿਕਾਸ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਬਾਜ਼ਾਰ ਵਿੱਚ ਭੇਜੀ ਗਈ ਉਪਜ ਦੀ ਆਵਾਜਾਈ ਅਤੇ ਉਸ ਦੇ ਸਰੋਤ ਦਾ ਪਤਾ ਲਗਾਉਣ ਵਰਗੀਆਂ ਸਹੂਲਤਾਂ ਸਪਲਾਈ ਵਿਵਸਥਾ ਵਿੱਚ ਪਾਰਦਰਸ਼ਤਾ ਵਧਾਉਣ ਵਿੱਚ ਸਹਾਇਕ ਹੋਣਗੀਆਂ।

ਪੁਰਾਣੇ ਕੋਲਡ ਸਟੋਰੇਜ ਦਾ ਆਧੁਨਿਕੀਕਰਨ ਅਤੇ ਊਰਜਾ ਦੀ ਬੱਚਤ 'ਤੇ ਜ਼ੋਰ

ਸ੍ਰੀ ਰਾਣਾ ਨੇ ਇਹ ਵੀ ਦੱਸਿਆ ਕਿ ਮੌਜੂਦਾ ਕੋਲਡ ਸਟੋਰੇਜ ਦੇ ਆਧੁਨਿਕੀਕਰਨ, ਪੁਰਾਣੀਆਂ ਕੂਲਿੰਗ ਪ੍ਰਣਾਲੀਆਂ ਵਿੱਚ ਸੁਧਾਰ, ਸੂਰਜੀ ਅਤੇ ਹੋਰ ਨਵਿਆਉਣਯੋਗ ਊਰਜਾ ਦੀ ਵਰਤੋਂ ਅਤੇ ਵਾਤਾਵਰਣ-ਅਨੁਕੂਲ ਤਕਨੀਕਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਊਰਜਾ ਆਡਿਟ, ਡਿਜੀਟਲ ਤਾਪਮਾਨ ਨਿਗਰਾਨੀ ਅਤੇ ਆਵਾਜਾਈ ਦੀ ਟਰੈਕਿੰਗ ਵਰਗੀਆਂ ਵਿਵਸਥਾਵਾਂ 'ਤੇ ਵੀ ਜ਼ੋਰ ਦਿੱਤਾ ਜਾਵੇਗਾ। ਕੋਲਡ ਚੇਨ ਸਹੂਲਤਾਂ ਦੀ ਕਾਰਜਕੁਸ਼ਲਤਾ, ਊਰਜਾ ਦੀ ਖਪਤ, ਉਤਪਾਦਾਂ ਦੇ ਨੁਕਸਾਨ ਅਤੇ ਸੇਵਾ ਦੀ ਗੁਣਵੱਤਾ ਦੇ ਮੁਲਾਂਕਣ ਲਈ ਕਾਰਗੁਜ਼ਾਰੀ ਮਾਪਦੰਡ ਵਿਕਸਿਤ ਕੀਤੇ ਜਾਣਗੇ। ਇਨ੍ਹਾਂ ਮਾਪਦੰਡਾਂ ਦੇ ਆਧਾਰ 'ਤੇ ਮਿਲਣ ਵਾਲੀ ਰੇਟਿੰਗ ਨੂੰ ਪ੍ਰੋਤਸਾਹਨ ਅਤੇ ਆਧੁਨਿਕੀਕਰਨ ਸਹਾਇਤਾ ਨਾਲ ਜੋੜਨ ਦੀ ਵਿਵਸਥਾ ਹੈ।

ਤਿੰਨ ਪੜਾਵਾਂ ਵਿੱਚ ਅੱਗੇ ਵਧੇਗੀ ਨੀਤੀ, ਕਿਸਾਨਾਂ ਨੂੰ ਮਿਲਣ ਵਾਲੇ ਲਾਭ ਨਾਲ ਮਾਪੀ ਜਾਵੇਗੀ ਸਫ਼ਲਤਾ

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਨੇ ਇਹ ਵੀ ਦੱਸਿਆ ਕਿ ÷ਹਰਿਆਣਾ ਕੋਲਡ ਚੇਨ ਨੀਤੀ÷ ਵਿੱਚ ਸਾਲ 2026-2032, 2033-2040 ਅਤੇ 2041-2047 ਦੇ ਤਿੰਨ ਪੜਾਅ ਨਿਰਧਾਰਤ ਕੀਤੇ ਗਏ ਹਨ। ਪਹਿਲੇ ਪੜਾਅ ਵਿੱਚ ਕਾਰਗੁਜ਼ਾਰੀ ਮਾਪਦੰਡ, ਊਰਜਾ ਆਡਿਟ, ਸਿਖਲਾਈ, ਡਿਜੀਟਲ ਸੰਪਰਕ, ਮੌਜੂਦਾ ਸਹੂਲਤਾਂ ਦੇ ਆਧੁਨਿਕੀਕਰਨ ਅਤੇ ਤਰਜੀਹੀ ਉਤਪਾਦਨ ਕਲੱਸਟਰਾਂ 'ਤੇ ਧਿਆਨ ਦਿੱਤਾ ਜਾਵੇਗਾ। ਅਗਲੇ ਪੜਾਵਾਂ ਵਿੱਚ ਕੋਲਡ ਚੇਨ ਵਿਵਸਥਾ ਦਾ ਵਿਸਥਾਰ, ਨਵਿਆਉਣਯੋਗ ਊਰਜਾ ਦੀ ਵਰਤੋਂ ਅਤੇ ਬਿਹਤਰ ਭਾਅ ਵਾਲੇ ਬਾਜ਼ਾਰਾਂ ਤੇ ਨਿਰਯਾਤ ਬਾਜ਼ਾਰਾਂ ਨਾਲ ਸੰਪਰਕ ਵਧਾਉਣ 'ਤੇ ਜ਼ੋਰ ਦਿੱਤਾ ਜਾਵੇਗਾ।

ਸੋਹਨਾ ਚੌਕ 'ਤੇ 340.78 ਕਰੋੜ ਰੁਪਏ ਦੀ ਲਾਗਤ ਨਾਲ ਬਣੇਗਾ 2.75 ਕਿਲੋਮੀਟਰ ਲੰਬਾ 6-ਲੇਨ ਐਲੀਵੇਟਿਡ ਕੋਰੀਡੋਰ

ਚੰਡੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਨੂੰਹ ਜ਼ਿਲ੍ਹੇ ਦੇ ਸੋਹਨਾ ਖੇਤਰ ਨੂੰ ਵੱਡੀ ਸੌਗਾਤ ਦਿੰਦਿਆਂ ਸੋਹਨਾ ਚੌਕ 'ਤੇ 2.75 ਕਿਲੋਮੀਟਰ ਲੰਬੇ 6-ਲੇਨ ਐਲੀਵੇਟਿਡ ਕੋਰੀਡੋਰ ਦੇ ਨਿਰਮਾਣ ਲਈ 340.78 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੇ ਜਾਣ 'ਤੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ੍ਰੀ ਨਿਤਿਨ ਗਡਕਰੀ ਦਾ ਧੰਨਵਾਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਐਨਐਚ-919 ਅਤੇ ਐਨਐਚ-248ਏ ਦੇ ਜੰਕਸ਼ਨ 'ਤੇ ਬਣਨ ਵਾਲਾ ਇਹ ਐਲੀਵੇਟਿਡ ਕੋਰੀਡੋਰ ਸੋਹਨਾ ਵਿੱਚ ਆਵਾਜਾਈ ਵਿਵਸਥਾ ਨੂੰ ਨਵੀਂ ਰਫ਼ਤਾਰ ਦੇਵੇਗਾ।

ਇਸ ਨਾਲ ਗੁਰੂਗ੍ਰਾਮ-ਨੂੰਹ ਵਿਚਕਾਰੋਂ ਲੰਘਣ ਵਾਲੀ ਆਵਾਜਾਈ ਨੂੰ ਸਥਾਨਕ ਅਤੇ ਕਰਾਸ ਟ੍ਰੈਫਿਕ ਤੋਂ ਵੱਖ ਕੀਤਾ ਜਾ ਸਕੇਗਾ ਅਤੇ ਵਾਹਨਾਂ ਨੂੰ ਵਧੇਰੇ ਸੁਖਾਲੀ ਅਤੇ ਨਿਰਵਿਘਨ ਆਵਾਜਾਈ ਦੀ ਸਹੂਲਤ ਮਿਲੇਗੀ।

ਸ੍ਰੀ ਗੰਗਵਾ ਨੇ ਕਿਹਾ ਕਿ ਖੇਤਰ ਵਿੱਚ ਲਗਾਤਾਰ ਵਧ ਰਹੀ ਆਵਾਜਾਈ ਅਤੇ ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ ਨੂੰ ਦੇਖਦੇ ਹੋਏ ਇਹ ਪ੍ਰਾਜੈਕਟ ਬਹੁਤ ਮਹੱਤਵਪੂਰਨ ਹੈ। ਐਲੀਵੇਟਿਡ ਕੋਰੀਡੋਰ ਬਣਨ ਨਾਲ ਸੋਹਨਾ ਚੌਕ 'ਤੇ ਆਵਾਜਾਈ ਦਾ ਦਬਾਅ ਘਟੇਗਾ, ਸੜਕ ਦੀ ਸਮਰੱਥਾ ਵਧੇਗੀ ਅਤੇ ਯਾਤਰੀਆਂ ਦੇ ਸਮੇਂ ਦੀ ਬੱਚਤ ਹੋਵੇਗੀ।

ਇਸ ਦੇ ਨਾਲ ਹੀ ਦਿੱਲੀ-ਮੁੰਬਈ ਐਕਸਪ੍ਰੈਸਵੇਅ ਅਤੇ ਕੇਐਮਪੀ ਐਕਸਪ੍ਰੈਸਵੇਅ ਨਾਲ ਖੇਤਰ ਦਾ ਸੰਪਰਕ ਹੋਰ ਬਿਹਤਰ ਹੋਵੇਗਾ।

ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਰਿਆਣਾ ਵਿੱਚ ਮਜ਼ਬੂਤ ਅਤੇ ਆਧੁਨਿਕ ਸੜਕੀ ਨੈੱਟਵਰਕ ਤਿਆਰ ਕਰਨਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਇਸ ਪ੍ਰਾਜੈਕਟ ਨਾਲ ਨਾ ਸਿਰਫ਼ ਮੌਜੂਦਾ ਆਵਾਜਾਈ ਵਿਵਸਥਾ ਨੂੰ ਰਾਹਤ ਮਿਲੇਗੀ, ਸਗੋਂ ਖੇਤਰ ਦੀਆਂ ਭਵਿੱਖ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਹਤਰ ਸੜਕੀ ਸੰਪਰਕ ਵੀ ਉਪਲਬਧ ਹੋਵੇਗਾ।

ਹਰਿਆਣਾ ਵਿਕਾਸ ਦੀ ਲੀਹ ਤੋਂ ਉਤਰਿਆ: ਹੁੱਡਾ



ਸ਼ਾਹਬਾਦ ਮਾਰਕੰਡਾ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਸਦ ਮੈਂਬਰ ਦੀਪੇਂਦਰ ਹੁੱਡਾ ਨੇ ਕਿਹਾ ਕਿ ਹਰਿਆਣਾ ਵਿਕਾਸ ਦੀ ਲੀਹ ਤੋਂ ਉਤਰ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਦੇ ਰਾਜ ਵਿੱਚ ਸੂਬੇ 'ਚ ਬੇਰੁਜ਼ਗਾਰੀ, ਨਸ਼ਾ ਅਤੇ ਅਪਰਾਧ ਵਧਿਆ ਹੈ। ਦੀਪੇਂਦਰ ਹੁੱਡਾ ਪਿੰਡ ਬਾਰਨਾ ਵਿੱਚ 'ਵੋਟ ਬਚਾਓ, ਦੇਸ਼ ਬਚਾਓ' ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਥਾਨੇਸਰ ਦੇ ਵਿਧਾਇਕ ਅਸ਼ੋਕ ਅਰੋੜਾ, ਸ਼ਾਹਬਾਦ ਦੇ ਵਿਧਾਇਕ ਰਾਮ ਕਰਨ ਕਾਲਾ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਮੇਵਾ ਸਿੰਘ, ਸਾਬਕਾ ਸੰਸਦ ਮੈਂਬਰ ਕੈਲਾਸ਼ ਸੈਣੀ ਅਤੇ ਸਾਬਕਾ ਵਿਧਾਇਕ ਸੁਲਤਾਨ ਸਿੰਘ ਮੌਜੂਦ ਸਨ।

ਇਸ ਦੌਰਾਨ ਦੀਪੇਂਦਰ ਹੁੱਡਾ ਨੇ ਕਿਹਾ ਕਿ ਹਰ ਵਰਗ ਸਮਝ ਗਿਆ ਹੈ ਕਿ ਭਾਜਪਾ ਵੋਟਾਂ ਚੋਰੀ ਕਰ ਕੇ ਸਰਕਾਰ ਬਣਾਉਂਦੀ ਹੈ, ਜਦੋਂ ਕਿ ਹਰਿਆਣਾ ਵਿੱਚ ਪੂਰਾ ਹਰਿਆਣਾ ਕਹਿ ਰਿਹਾ ਸੀ ਕਿ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਆ ਰਹੀ ਹੈ, ਪਰ ਭਾਜਪਾ ਨੇ ਵੋਟਾਂ ਚੋਰੀ ਕਰ ਕੇ ਆਪਣੀ ਸਰਕਾਰ ਬਣਾਈ। ਮੁੱਖ ਮੰਤਰੀ ਦੇ ਪੰਜਾਬ ਜਾਣ 'ਤੇ ਉਨ੍ਹਾਂ ਨੇ ਚੁਟਕੀ ਲੈਂਦਿਆਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਪੰਜਾਬ ਜਾ ਕੇ ਵੱਡੇ-ਵੱਡੇ ਵਾਅਦੇ ਕਰ ਰਹੇ ਹਨ ਅਤੇ ਕਹਿ ਰਹੇ ਹਨ ਕਿ ਉਹ ਪੰਜਾਬ ਵਿੱਚ ਨਸ਼ਾ ਬੰਦ ਕਰ ਦੇਣਗੇ, ਪਰ ਅੱਜ ਹਰਿਆਣਾ ਦੀ ਸਥਿਤੀ ਕਿਸੇ ਤੋਂ ਲੁਕੀ ਹੋਈ ਨਹੀਂ ਹੈ। ਵਿਧਾਇਕ ਅਸ਼ੋਕ ਅਰੋੜਾ ਨੇ ਕਿਹਾ ਕਿ ਭਾਜਪਾ ਵਿਕਾਸ ਰਾਹੀਂ ਲੋਕਾਂ ਨੂੰ ਖੁਸ਼ ਕਰਨ ਦੀ ਬਜਾਏ ਵੋਟ ਚੋਰੀ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਜੇ ਇਸੇ ਤਰ੍ਹਾਂ ਵੋਟ ਚੋਰੀ ਜਾਰੀ ਰਹੀ ਤਾਂ ਲੋਕਤੰਤਰ ਖ਼ਤਮ ਹੋ ਜਾਵੇਗਾ। ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਪਿੰਡਾਰਸੀ, ਸੁਰਿੰਦਰ ਸੈਣੀ, ਸਰਪੰਚ ਰਣਬੀਰ ਸੂਰਾ, ਕੁਲਦੀਪ ਢਿੱਲੋਂ ਆਦਿ ਮੌਜੂਦ ਸਨ।

ਐਨਐਚਐਮ ਕਰਮਚਾਰੀਆਂ ਨੂੰ ਵੀ ਦਿੱਤੀ ਜਾਵੇਗੀ ਸਿਹਤ ਬੀਮਾ ਕਵਰੇਜ : ਆਰਤੀ ਸਿੰਘ ਰਾਓ

ਚੰਡੀਗੜ੍ਹ, 17 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਹੁਣ ਸੂਬਾ ਸਰਕਾਰ ਵੱਲੋਂ 'ਚਿਰਾਯੂ-ਐਕਸਟੈਂਸ਼ਨ' ਯੋਜਨਾ ਤਹਿਤ, 8812 ਰਾਸ਼ਟਰੀ ਸਿਹਤ ਮਿਸ਼ਨ (ਐਨਐਚਐਮ) ਦੇ ਕਰਮਚਾਰੀਆਂ (ਜੋ ਸੇਵਾ ਉ